ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸੋਮਵਾਰ, 6 ਅਪ੍ਰੈਲ 2026 (ਨਾਨਕਸ਼ਾਹੀ ਸੰਮਤ : ੫੫੮, ੨੪ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਹਿਮਾਚਲ ਦੇ ਕੁੱਲੂ 'ਚ ਵਾਪਰਿਆ ਵੱਡਾ ਹਾਦਸਾ , ਡੂੰਗੀ ਖੱਡ 'ਚ ਡਿੱਗਿਆ ਟੈਂਪੋ ਟਰੈਵਲਰ, 4 ਮੌਤਾਂ, 17 ਜ਼ਖ਼ਮੀਂ

**ਸ਼ਿਮਲਾ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਹਿਮਾਚਲ ਪ੍ਰਦੇਸ਼ ਦੇ ਬੰਜਾਰ (ਕੁੱਲੂ) ਵਿਚ ਪੈਂਦੇ ਸੋਝਾ ਵਿਖੇ ਸ਼ਨੀਵਾਰ ਰਾਤ ਲਗਭਗ 9 ਵਜੇ ਇੱਕ ਟੈਂਪੋ ਟਰੈਵਲਰ ਖੱਡ ਵਿੱਚ ਡਿੱਗ ਗਿਆ ਹੈ। ਇਸ ਹਾਦਸੇ ਵਿੱਚ ਚਾਰ ਲੋਕਾਂ ਦੀ ਮੌਤ ਹੋ ਗਈ, ਜਦਕਿ 17 ਜ਼ਖ਼ਮੀ ਹੋ ਗਏ। ਜ਼ਖ਼ਮੀਆਂ ਨੂੰ ਬੰਜਾਰ ਦੇ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ, ਜਿਥੇ ਕਿ 5 ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਜ਼ਿਲ੍ਹਾ ਆਫ਼ਤ ਪ੍ਰਬੰਧਨ ਅਥਾਰਟੀ ਦੇ ਅਨੁਸਾਰ ਟੈਂਪੋ ਟਰੈਵਲਰ ਵਿੱਚ ਦੋ ਬੱਚਿਆਂ ਸਮੇਤ 22 ਲੋਕ ਸਵਾਰ ਸਨ, ਜੋ ਚੰਡੀਗੜ੍ਹ, ਰਾਜਸਥਾਨ ਅਤੇ ਦਿੱਲੀ ਸਮੇਤ ਵੱਖ-ਵੱਖ ਰਾਜਾਂ ਤੋਂ ਸਨ। ਸ਼ੁਰੂਆਤੀ ਜਾਂਚ ਵਿੱਚ ਪਤਾ ਲੱਗਾ ਹੈ ਕਿ ਲਗਾਤਾਰ ਮੀਂਹ ਕਾਰਨ ਸੜਕ ਫਿਸਲਣ ਨਾਲ ਭਰੀ ਹੋਈ ਸੀ। ਬੰਜਾਰ ਵੱਲ ਉਤਰਦੇ ਸਮੇਂ ਵਾਹਨ ਕੰਟਰੋਲ ਗੁਆ ਬੈਠਾ ਅਤੇ ਖੱਡ ਵਿੱਚ ਡਿੱਗ ਗਿਆ। ਜਾਣਕਾਰੀ ਅਨੁਸਾਰ ਲਗਾਤਾਰ ਮੀਂਹ ਕਾਰਨ ਸੜਕਾਂ 'ਤੇ ਫਿਸਲਣ ਕਾਰਨ ਸੈਲਾਨੀ ਵਾਹਨ ਭੁੰਤਰ ਵੱਲ 15 ਕਿਲੋਮੀਟਰ ਦੇ ਰਸਤੇ 'ਤੇ ਫਿਸਲ ਗਿਆ। ਪੁਲਿਸ ਨੇ ਕਿਹਾ ਕਿ ਘੱਟੋ-ਘੱਟ 17 ਸੈਲਾਨੀਆਂ ਨੂੰ ਬਚਾਇਆ ਗਿਆ। ਉਨ੍ਹਾਂ ਵਿੱਚੋਂ 14 ਲੋਕ ਜ਼ਖ਼ਮੀ ਹਨ ,ਜਿਨ੍ਹਾਂ ਨੂੰ ਬੰਜਾਰ ਦੇ ਕਮਿਊਨਿਟੀ ਹੈਲਥ ਸੈਂਟਰ ਲਿਜਾਇਆ ਗਿਆ। ਪੁਲਿਸ ਨੇ ਦੱਸਿਆ ਕਿ ਇੱਕ ਯਾਤਰੀ ਦੀ ਹਾਲਤ ਗੰਭੀਰ ਸੀ ਅਤੇ ਚਾਰ ਸੈਲਾਨੀਆਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪੁਲਿਸ, ਫਾਇਰ ਬ੍ਰਿਗੇਡ ਕਰਮਚਾਰੀ ਅਤੇ ਸਥਾਨਕ ਪ੍ਰਸ਼ਾਸਨ ਸਾਂਝੇ ਤੌਰ 'ਤੇ ਬਚਾਅ ਕਾਰਜ ਚਲਾ ਰਹੇ ਸਨ।

## ਇਰਾਨ ਨੇ ਡੋਨਾਲਡ ਟਰੰਪ 'ਤੇ ਦਿੱਤਾ ਵੱਡਾ ਬਿਆਨ

# ਹਾਰ ਨੂੰ ਜਿਤ ਵਜੋਂ ਪੇਸ਼ ਕਰ ਰਿਹਾ ਅਮਰੀਕਾ.. !

**ਤਹਿਰਾਨ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਇਰਾਨ 'ਚ ਆਪਣੇ ਲਾਪਤਾ ਪਾਇਲਟ (ਕਰਨਲ) ਨੂੰ 'ਚੋਂ ਸੁਰੱਖਿਅਤ ਕੱਢਣ ਦੇ ਦਾਅਵੇ ਤੋਂ ਬਾਅਦ ਹੁਣ ਇਰਾਨ ਨੇ ਸਖ਼ਤ ਪ੍ਰਤੀਕਿਰਿਆ ਦਿੱਤੀ ਹੈ। ਇਰਾਨੀ ਫੌਜ ਦੇ 'ਖਾਤਮ ਅਲ-ਅੰਬੀਆ' ਕੇਂਦਰੀ ਹੈੱਡਕੁਆਰਟਰ ਦੇ ਬੁਲਾਰੇ ਇਬਰਾਹਿਮ ਜ਼ੁਲਫ਼ਿਕਾਰੀ ਨੇ ਅਮਰੀਕੀ ਦਾਅਵਿਆਂ ਨੂੰ ਖ਼ਾਰਜ ਕਰਦਿਆਂ ਇਸ ਨੂੰ ਅਮਰੀਕਾ ਦੀ 'ਸ਼ਰਮਨਾਕ ਹਾਰ' ਦੱਸਿਆ ਹੈ। ਜ਼ੁਲਫ਼ਿਕਾਰੀ ਅਨੁਸਾਰ, ਦੱਖਣੀ ਇਸਫਾਹਾਨ ਵਿੱਚ ਇਰਾਨੀ ਫੌਜਾਂ ਦੀ ਕਾਰਵਾਈ ਨੇ ਅਮਰੀਕੀ ਫੌਜ ਦੇ ਖੋਖਲੇਪਨ ਨੂੰ ਜਗ-ਜ਼ਾਹਰ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਟਰੰਪ ਜਨਤਾ ਨੂੰ ਗੁੰਮਰਾਹ ਕਰਕੇ ਆਪਣੀ ਹਾਰ ਨੂੰ ਜਿੱਤ ਵਜੋਂ ਪੇਸ਼ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਇਰਾਨ ਨੇ ਦਾਅਵਾ ਕੀਤਾ ਹੈ ਕਿ ਉਨ੍ਹਾਂ ਨੇ ਇਸ ਰੈਸਕਿਊ ਆਪ੍ਰੇਸ਼ਨ ਵਿੱਚ ਸ਼ਾਮਲ ਇੱਕ ਅਮਰੀਕੀ ਸੀ-



130 ਕਲਾਸ ਦੇ ਜਹਾਜ਼ ਨੂੰ ਢੇਰ ਕਰ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇਰਾਨੀ ਫੌਜ ਕਿਸੇ ਵੀ ਹਮਲਾਵਰ ਨੂੰ ਕੁਚਲਣ ਦੀ ਸਮੱਰਥਾ ਰੱਖਦੀ ਹੈ ਅਤੇ ਇਸਫਾਹਾਨ ਦੀ ਘਟਨਾ ਇਸ ਦਾ ਸਪੱਸ਼ਟ ਉਦਾਹਰਣ ਹੈ।

ਦੂਜੇ ਪਾਸੇ, ਰਾਸ਼ਟਰਪਤੀ ਟਰੰਪ ਨੇ ਇਸ ਆਪ੍ਰੇਸ਼ਨ ਨੂੰ ਅਮਰੀਕੀ ਇਤਿਹਾਸ ਦਾ ਸਭ ਤੋਂ 'ਦਲੇਰਾਨਾ' ਮਿਸ਼ਨ ਦੱਸਿਆ ਹੈ। ਟਰੰਪ ਨੇ ਪੁਸ਼ਟੀ ਕੀਤੀ ਕਿ ਕਰਨਲ ਹੁਣ ਸੁਰੱਖਿਅਤ ਹੈ ਤੇ "ਅਸੀਂ ਉਸ ਨੂੰ ਬਚਾ ਲਿਆ ਹੈ।" ਟਰੰਪ ਅਨੁਸਾਰ, ਅਮਰੀਕਾ ਨੇ ਇਰਾਨੀ ਏਅਰਸਪੇਸ 'ਤੇ ਪੂਰੀ ਤਰ੍ਹਾਂ ਕਬਜ਼ਾ ਕਰ ਲਿਆ ਹੈ। ਟਰੰਪ ਨੇ ਦਾਅਵਾ ਕੀਤਾ ਕਿ ਇੰਨੇ ਵੱਡੇ ਆਪ੍ਰੇਸ਼ਨ ਦੇ ਬਾਵਜੂਦ ਕਿਸੇ ਵੀ ਅਮਰੀਕੀ ਸੈਨਿਕ ਦੀ ਮੌਤ ਨਹੀਂ ਹੋਈ।

**ਹੁਣ ਈਰਾਨ 'ਤੇ ਬੇਹੱਦ ਘਾਤਕ JASSM ਮਿਜ਼ਾਈਲ ਨਾਲ ਹਮਲਾ :** ਈਰਾਨ ਅਤੇ ਅਮਰੀਕਾ ਵਿਚਾਲੇ ਜਾਰੀ ਜੰਗ ਹੁਣ ਇੱਕ ਬੇਹੱਦ ਖ਼ਤਰਨਾਕ ਮੋੜ ਵੱਲ ਵੱਧ ਰਹੀ ਹੈ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਨੂੰ 48 ਘੰਟਿਆਂ ਦਾ ਅਲਟੀਮੇਟਮ ਦਿੰਦੇ ਹੋਏ ਚੇਤਾਵਨੀ ਦਿੱਤੀ ਹੈ ਕਿ ਜੇਕਰ ਜੰਗਬੰਦੀ 'ਤੇ ਸਹਿਮਤੀ ਨਾ ਬਣੀ, ਤਾਂ ਈਰਾਨ ਨੂੰ 'ਪੱਥਰ ਯੁੱਗ' ਵਿੱਚ ਪਹੁੰਚਾ ਦਿੱਤਾ ਜਾਵੇਗਾ । ਇਸ ਧਮਕੀ ਦੇ ਨਾਲ ਹੀ ਅਮਰੀਕੀ ਫੌਜ ਨੇ ਆਪਣੀਆਂ ਸਭ ਤੋਂ ਘਾਤਕ ਲੰਬੀ ਦੂਰੀ ਦੀਆਂ ਕਰੂਜ਼ ਮਿਜ਼ਾਈਲਾਂ ਦੀ ਤਾਇਨਾਤੀ ਸ਼ੁਰੂ ਕਰ ਦਿੱਤੀ ਹੈ।

## ਬਹਿਰੀਨ ਤੇ ਕੁਵੈਤ 'ਤੇ ਡਰੋਨ ਹਮਲੇ ! ਜਵਾਬ 'ਚ ਇਜ਼ਰਾਈਲ ਨੇ 120 ਟਿਕਾਣਿਆਂ 'ਤੇ ਵਰ੍ਹਾਏ ਬੰਬ

ਪੱਛਮੀ ਏਸ਼ੀਆ ਵਿੱਚ ਜਾਰੀ ਜੰਗ ਨੇ ਹੁਣ ਪੂਰੇ ਖਾੜੀ ਖਿੱਤੇ ਨੂੰ ਆਪਣੀ ਲਪੇਟ ਵਿੱਚ ਲੈ ਲਿਆ ਹੈ। ਈਰਾਨੀ ਡਰੋਨਾਂ ਨੇ ਬਹਿਰੀਨ ਅਤੇ ਕੁਵੈਤ ਦੇ ਅਹਿਮ ਤੇਲ ਅਤੇ ਊਰਜਾ ਕੇਂਦਰਾਂ ਨੂੰ ਨਿਸ਼ਾਨਾ ਬਣਾਇਆ ਹੈ, ਜਿਸ ਨਾਲ ਖੇਤਰ 'ਚ ਸਥਿਤੀ ਬੇਹੱਦ ਨਾਜ਼ੁਕ ਹੋ ਗਈ ਹੈ। ਐਤਵਾਰ ਨੂੰ ਈਰਾਨੀ ਡਰੋਨਾਂ ਨੇ ਬਹਿਰੀਨ ਦੀ 'ਗਲਫ ਪੈਟਰੋਕੈਮੀਕਲ ਇੰਡਸਟਰੀਜ਼ ਕੰਪਨੀ' 'ਤੇ ਹਮਲਾ ਕੀਤਾ, ਜਿਸ ਕਾਰਨ ਕੰਪਨੀ ਦੀਆਂ ਕਈ ਕਾਰਜਸ਼ੀਲ ਇਕਾਈਆਂ ਵਿੱਚ ਭਿਆਨਕ ਅੱਗ ਲੱਗ ਗਈ। ਬਹਿਰੀਨ ਨਿਊਜ਼ ਏਜੰਸੀ ਮੁਤਾਬਕ, ਅੱਗ 'ਤੇ ਕਾਬੂ ਪਾ ਲਿਆ ਗਿਆ ਹੈ ਅਤੇ ਕਿਸੇ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਹੈ, ਹਾਲਾਂਕਿ ਸੰਪਤੀ ਦੇ ਨੁਕਸਾਨ ਦਾ ਜਾਇਜ਼ਾ ਲਿਆ ਜਾ ਰਿਹਾ ਹੈ। ਈਰਾਨੀ ਡਰੋਨਾਂ ਨੇ ਕੁਵੈਤ ਦੇ ਦੋ ਬਿਜਲੀ ਉਤਪਾਦਨ ਤੇ ਪਾਣੀ ਨੂੰ ਸਾਫ਼ ਕਰਨ ਵਾਲੇ ਪਲਾਂਟਾਂ ਨੂੰ ਵੀ ਨਿਸ਼ਾਨਾ ਬਣਾਇਆ, ਜਿਸ ਤੋਂ ਬਾਅਦ ਦੋ ਬਿਜਲੀ ਇਕਾਈਆਂ ਨੂੰ ਬੰਦ ਕਰਨਾ ਪਿਆ। ਕੁਵੈਤ ਦੇ ਊਰਜਾ ਮੰਤਰਾਲੇ ਅਨੁਸਾਰ, ਤਕਨੀਕੀ ਟੀਮਾਂ ਬਿਜਲੀ ਅਤੇ ਪਾਣੀ ਦੀ ਸਪਲਾਈ ਬਹਾਲ ਕਰਨ ਲਈ 24 ਘੰਟੇ ਕੰਮ ਕਰ ਰਹੀਆਂ ਹਨ। ਇਸ ਤੋਂ ਇਲਾਵਾ, ਕੁਵੈਤ ਦੇ ਸ਼ੁਵੈਖ ਤੇਲ ਖੇਤਰ ਕੰਪਲੈਕਸ ਵਿੱਚ ਵੀ ਡਰੋਨ ਹਮਲੇ ਕਾਰਨ ਅੱਗ ਲੱਗਣ ਦੀ ਖ਼ਬਰ ਹੈ। ਈਰਾਨ ਵੱਲੋਂ ਸੰਯੁਕਤ ਅਰਬ ਅਮੀਰਾਤ 'ਤੇ ਵੀ ਹਮਲੇ ਕੀਤੇ ਜਾਣ ਦੀ ਸੂਚਨਾ ਹੈ। ਈਰਾਨੀ ਹਮਲਿਆਂ ਦੇ ਜਵਾਬ ਵਿੱਚ, ਇਜ਼ਰਾਈਲੀ ਹਵਾਈ ਸੈਨਾ (916) ਨੇ ਪਿਛਲੇ 24 ਘੰਟਿਆਂ ਦੌਰਾਨ ਈਰਾਨ ਦੇ ਅੰਦਰ 120 ਤੋਂ ਵੱਧ ਟਿਕਾਣਿਆਂ 'ਤੇ ਬੰਬਾਰੀ ਕੀਤੀ ਹੈ। ਇਜ਼ਰਾਈਲੀ ਰੱਖਿਆ ਬਲ (946) ਅਨੁਸਾਰ, ਇਨ੍ਹਾਂ ਹਮਲਿਆਂ ਵਿੱਚ ਈਰਾਨ ਦੇ ਬੈਲਿਸਟਿਕ ਮਿਜ਼ਾਈਲ ਸਾਈਟਾਂ, ਡਰੋਨ ਉਤਪਾਦਨ ਕੇਂਦਰ ਅਤੇ ਹਵਾਈ ਰੱਖਿਆ ਪ੍ਰਣਾਲੀਆਂ ਨੂੰ ਨਸ਼ਟ ਕਰ ਦਿੱਤਾ ਗਿਆ ਹੈ। ਇਸ ਦੇ ਨਾਲ ਹੀ, ਲੇਬਨਾਨ ਵਿੱਚ ਇਜ਼ਰਾਈਲੀ ਕਾਰਵਾਈ ਦੌਰਾਨ ਹੁਣ ਤੱਕ 90 ਅੱਤਵਾਦੀ ਮਾਰੇ ਜਾ ਚੁੱਕੇ ਹਨ। ਦੱਸਣਯੋਗ ਹੈ ਕਿ ਇਹ ਵਿਵਾਦ 28 ਫਰਵਰੀ ਨੂੰ ਸ਼ੁਰੂ ਹੋਇਆ ਸੀ, ਜਦੋਂ ਅਮਰੀਕਾ ਅਤੇ ਇਜ਼ਰਾਈਲ ਨੇ ਸਾਂਝੇ ਹਮਲੇ ਵਿੱਚ ਆਇਤੁੱਲਾ ਅਲੀ ਖ਼ਾਮੇਨੇਈ ਨੂੰ ਮਾਰ ਦਿੱਤਾ ਸੀ। ਇਸ ਤੋਂ ਬਾਅਦ ਈਰਾਨ ਦੀ ਜਵਾਬੀ ਕਾਰਵਾਈ ਅਤੇ ਉਸਦੇ ਸਮਰਥਿਤ ਸੰਗਠਨਾਂ ਦੇ ਹਮਲਿਆਂ ਨੇ ਪੂਰੇ ਖੇਤਰ ਵਿੱਚ ਤੇਲ ਅਤੇ ਕੁਦਰਤੀ ਗੈਸ ਦੇ ਵਪਾਰ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ ਹੈ।

## ਫਰੀਦਕੋਟ ਤੇ ਮੋਗਾ 'ਚ ਮੁੱਖ ਮੰਤਰੀ ਮਾਨ ਦਾ ਕਿਸਾਨਾਂ ਵੱਲੋਂ ਤਿੱਖਾ ਵਿਰੋਧ, ਪੁਲਿਸ ਨੇ ਕਈ ਕਿਸਾਨਾਂ ਨੂੰ ਹਿਰਾਸਤ 'ਚ ਲਿਆ



**ਮੋਗਾ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਦੀ ਮੋਗਾ 'ਚ ਅੱਜ ਰੈਲੀ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਦਾ ਕਿਸਾਨਾਂ ਵੱਲੋਂ ਤਿੱਖਾ ਵਿਰੋਧ ਕੀਤਾ ਗਿਆ, ਜਿਸ ਦੌਰਾਨ ਮਾਹੌਲ ਪੂਰੀ ਤਰ੍ਹਾਂ ਗਰਮਾ ਗਿਆ। ਪੁਲਿਸ ਵੱਲੋਂ ਕਿਸਾਨਾਂ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ, ਜਿਸ ਦੌਰਾਨ ਧੱਕਾ-ਮੁੱਕੀ ਉਪਰੰਤ ਕਿਸਾਨਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਉਧਰ, ਫਰੀਦਕੋਟ ਜ਼ਿਲ੍ਹੇ ਦੇ ਜੈਤੋ 'ਚ ਵੀ ਰੈਲੀ ਦੌਰਾਨ ਸੀਐਮ ਮਾਨ ਦਾ ਵਿਰੋਧ ਕਰਨ ਵਾਲੇ ਕਿਸਾਨਾਂ ਨੂੰ ਪੁਲਿਸ ਵੱਲੋਂ ਹਿਰਾਸਤ 'ਚ ਲਿਆ ਗਿਆ ਹੈ। ਦੱਸ ਦਈਏ ਕਿ ਆਮ ਆਦਮੀ ਪਾਰਟੀ ਵੱਲੋਂ ਮੋਗਾ ਦੀ ਨਵੀਂ ਅਨਾਜ ਮੰਡੀ ਵਿੱਚ ਰੈਲੀ ਰੱਖੀ ਗਈ ਸੀ, ਜਿਸ ਦੌਰਾਨ ਸੀਐਮ ਮਾਨ ਦਾ ਵਿਰੋਧ ਲਈ ਵੱਡੀ ਗਿਣਤੀ ਕਿਸਾਨ ਇਕੱਤਰ ਹੋਏ ਸਨ। ਸਥਿਤੀ ਉਦੋਂ ਤਣਾਅਪੂਰਨ ਹੋ ਗਈ, ਜਦੋਂ ਕਿਸਾਨ ਦੁੱਨੇਕੇ ਪਿੰਡ ਦੇ ਇੱਕ ਗੁਰਦੁਆਰੇ ਨੇੜੇ ਇਕੱਠੇ ਹੋਏ। ਪੁਲਿਸ ਨੇ ਉਨ੍ਹਾਂ ਨੂੰ ਰੋਕਿਆ ਅਤੇ ਰੈਲੀ ਵਿੱਚ ਪਹੁੰਚਣ ਤੋਂ ਰੋਕਣ ਲਈ ਉਨ੍ਹਾਂ ਨੂੰ ਲਗਭਗ ਚਾਰ ਘੰਟੇ ਨੇੜਲੇ ਸ਼ਮਸ਼ਾਨਘਾਟ ਵਿੱਚ ਰੋਕੀ ਰੱਖਿਆ। ਸਖ਼ਤ ਸੁਰੱਖਿਆ ਦੇ ਬਾਵਜੂਦ ਕੁਝ ਕਿਸਾਨ ਲੰਘਣ ਵਿੱਚ ਕਾਮਯਾਬ ਹੋ ਗਏ ਅਤੇ ਘਟਨਾ ਸਥਾਨ 'ਤੇ ਪਹੁੰਚ ਗਏ। ਜਿਵੇਂ ਹੀ ਉਹ ਪਹੁੰਚੇ, ਪੁਲਿਸ ਨੇ ਉਨ੍ਹਾਂ ਨੂੰ ਹਿਰਾਸਤ ਵਿੱਚ ਲੈ ਲਿਆ ਅਤੇ ਸਰਕਾਰੀ ਗੱਡੀਆਂ ਵਿੱਚ ਨੇੜਲੇ ਪੁਲਿਸ ਥਾਣਿਆਂ ਵਿੱਚ ਲੈ ਗਈ। ਇਸ ਦੌਰਾਨ ਕਿਸਾਨਾਂ ਨੇ ਪੰਜਾਬ ਸਰਕਾਰ ਵਿਰੁੱਧ ਭਖਵੀਂ ਨਾਅਰੇਬਾਜ਼ੀ ਕੀਤੀ, ਦੋਸ਼ ਲਗਾਇਆ ਕਿ ਸਰਕਾਰ ਉਨ੍ਹਾਂ ਨੂੰ ਚੁੱਪ ਕਰਾਉਣ ਦੀ ਕੋਸ਼ਿਸ਼ ਕਰ ਰਹੀ ਹੈ। ਆਗੂਆਂ ਨੇ ਕਿਹਾ ਕਿ ਇਹ ਬਹੁਤ ਹੀ ਦੁੱਖਦਾਈ ਹੈ ਕਿ ਜਿਹੜੇ ਆਗੂ ਕਦੇ ਜਨਤਕ ਸਵਾਲਾਂ ਨੂੰ ਉਤਸ਼ਾਹਿਤ ਕਰਦੇ ਸਨ, ਉਹ ਹੁਣ ਇਸ ਤੋਂ ਬਚ ਰਹੇ ਹਨ। ਉਨ੍ਹਾਂ ਕਿਹਾ ਕਿ ਕਿਸਾਨਾਂ ਨਾਲ ਬੇਇਨਸਾਫ਼ੀ ਹੋ ਰਹੀ ਹੈ ਅਤੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਸਾਡੀ ਗੱਲ ਨਹੀਂ ਸੁਣੀ ਤਾਂ ਇਸਦੇ ਨਤੀਜੇ ਭੁਗਤਣੇ ਪੈਣਗੇ। ਕਿਸਾਨ ਯੂਨੀਅਨਾਂ ਨੇ ਇਹ ਵੀ ਚੇਤਾਵਨੀ ਦਿੱਤੀ ਕਿ ਵਿਰੋਧ ਪ੍ਰਦਰਸ਼ਨ ਹੋਰ ਵਧਣਗੇ।

## ਰਾਘਵ ਚੱਢਾ ਨੂੰ 'ਮੁਰਗਾ' ਬਣਾ ਕੇ ਕੁੱਟਿਆ ਗਿਆ, ਸਾਬਕਾ 'ਆਪ' ਪ੍ਰਧਾਨ ਵੱਲੋਂ ਵੱਡਾ ਦਾਅਵਾ; ਖੁਲਾਸਾ ਕਰ ਦੱਸਿਆ ਕਿਉਂ ਹੋਇਆ ਝਗੜਾ... ?

**ਨਵੀਂ ਦਿੱਲੀ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ (ਆਪ) ਦੇ ਸੰਸਦ ਮੈਂਬਰ ਰਾਘਵ ਚੱਢਾ ਨੂੰ ਰਾਜ ਸਭਾ ਵਿੱਚ ਡਿਪਟੀ ਲੀਡਰ ਦੇ ਅਹੁਦੇ ਤੋਂ ਹਟਾਉਣ ਨਾਲ ਜੁੜਿਆ ਵਿਵਾਦ ਲਗਾਤਾਰ ਵਧਦਾ ਜਾ ਰਿਹਾ ਹੈ। ਹਰਿਆਣਾ ਤੋਂ 'ਆਪ' ਦੇ ਸਾਬਕਾ ਸੂਬਾ ਪ੍ਰਧਾਨ ਨਵੀਨ ਜੈਹਿੰਦ ਨੇ 'ਆਪ' ਆਗੂਆਂ 'ਤੇ ਗੰਭੀਰ ਦੋਸ਼ ਲਗਾਏ ਹਨ। ਜੈਹਿੰਦ ਨੇ ਇੱਕ ਵੀਡੀਓ ਜਾਰੀ ਕਰਕੇ ਦਾਅਵਾ ਕੀਤਾ ਹੈ ਕਿ ਚੱਢਾ ਨੂੰ ਦਿੱਲੀ ਵਿੱਚ ਕੇਜਰੀਵਾਲ ਦੇ ਸ਼ੀਸ਼ਮਹਿਲ (ਮੁੱਖ ਮੰਤਰੀ ਹਾਊਸ) ਵਿੱਚ ਬੁਲਾਇਆ ਅਤੇ 'ਮੁਰਗਾ' ਬਣਾ ਕੇ ਕੁੱਟਿਆ ਗਿਆ ਸੀ। 4 ਆਗੂਆਂ ਦੇ ਸਾਹਮਣੇ ਉਨ੍ਹਾਂ ਨਾਲ ਕੁੱਟਮਾਰ ਹੋਈ ਸੀ। ਜੈਹਿੰਦ ਨੇ ਇਹ ਵੀ ਕਿਹਾ ਕਿ ਕੁੱਟਮਾਰ ਦੌਰਾਨ ਚੱਢਾ ਦੀ ਅੱਖ ਵਿੱਚ ਸੱਟ ਲੱਗੀ ਸੀ। ਚੱਢਾ ਇਸ ਸੱਟ ਦਾ ਇਲਾਜ ਕਰਵਾਉਣ ਲਈ ਇੰਗਲੈਂਡ ਗਏ ਸੀ। ਲੋਕਾਂ ਨੇ ਮੰਨਿਆ ਕਿ ਉਹ ਹਨੀਮੂਨ ਮਨਾਉਣ ਗਏ ਹਨ। ਚੱਢਾ ਨੂੰ ਖੁੱਲ੍ਹ ਕੇ ਸਾਰੇ ਖੁਲਾਸੇ ਕਰਨੇ ਚਾਹੀਦੇ ਹਨ। ਰੋਹਤਕ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਹੋਏ ਨਵੀਨ ਜੈਹਿੰਦ ਨੇ ਕਿਹਾ, "ਕੇਜਰੀਵਾਲ ਅਤੇ ਰਾਘਵ ਵਿਚਕਾਰ ਦੋ ਸਾਲਾਂ ਤੋਂ ਝਗੜਾ ਚੱਲ ਰਿਹਾ ਹੈ।



ਕੇਜਰੀਵਾਲ ਨੇ ਖੁਦ ਰਾਘਵ ਚੱਢਾ ਨੂੰ ਪੰਜਾਬ ਦਾ ਸ਼ੈਡੋ ਸੀਐਮ ਨਿਯੁਕਤ ਕੀਤਾ ਸੀ। ਉਨ੍ਹਾਂ ਨੂੰ ਪੰਜਾਬ ਤੋਂ ਫੰਡ ਇਕੱਠਾ ਕਰਨ ਦਾ ਕੰਮ ਸੌਂਪਿਆ ਗਿਆ ਸੀ। ਇਹ ਪੈਸਾ ਸਿੰਗਾਪੁਰ ਜਾਣਾ ਸੀ, ਪਰ ਇਸ ਦੀ ਬਜਾਏ ਇੰਗਲੈਂਡ ਭੇਜ ਦਿੱਤਾ ਗਿਆ, ਜਿਸ ਕਾਰਨ ਦੋਵਾਂ ਵਿਚਕਾਰ ਵਿਵਾਦ ਹੋ ਗਿਆ। ਰਾਘਵ ਕੋਲ ਕੇਜਰੀਵਾਲ ਦੇ ਭੇਤ ਅਤੇ ਮਾਲ ਹੈ, ਜਿਸ ਨੂੰ ਲੈ ਕੇ ਸਾਰਾ ਮਾਮਲਾ ਚੱਲ ਰਿਹਾ ਹੈ।" ਇਸ ਦੌਰਾਨ, ਰਾਘਵ ਚੱਢਾ ਨੇ ਡਿਪਟੀ ਲੀਡਰ ਦੇ ਅਹੁਦੇ ਤੋਂ ਹਟਾਏ ਜਾਣ ਤੋਂ ਬਾਅਦ, ਸ਼ਨੀਵਾਰ ਨੂੰ ਇੱਕ ਵੀਡੀਓ ਜਾਰੀ ਕੀਤਾ, ਜਿਸ ਵਿੱਚ ਕਿਹਾ ਗਿਆ, "ਮੇਰੇ 'ਤੇ ਤਿੰਨ ਦੋਸ਼ ਲਗਾਏ ਗਏ, ਜਿਸ ਕਾਰਨ ਮੈਨੂੰ ਸੰਸਦ ਵਿੱਚ ਬੋਲਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਮੈਂ ਸੰਸਦ ਵਿੱਚ ਰੌਲਾ ਪਾਉਣ, ਚੀਕਣ, ਮਾਈਕ੍ਰੋਫ਼ੋਨ ਤੋੜਨ ਜਾਂ ਅਪਮਾਨਜਨਕ ਭਾਸ਼ਾ ਦੀ ਵਰਤੋਂ ਕਰਨ ਲਈ ਨਹੀਂ ਗਿਆ, ਸਗੋਂ ਜਨਤਕ ਮੁੱਦੇ ਉਠਾਉਣ ਲਈ ਗਿਆ ਹਾਂ।" ਨਵੀਨ ਜੈਹਿੰਦ ਨੇ ਦੋ ਮਿੰਟ ਦਾ ਵੀਡੀਓ ਜਾਰੀ ਕੀਤਾ। ਇਸ ਦੀ ਸ਼ੁਰੂਆਤ ਇਹ ਕਹਿ ਕੇ ਹੋਈ ਕਿ ਰਾਘਵ ਚੱਢਾ ਮਾਲਦਾਰ ਅਤੇ ਰਾਜਦਾਰ ਹੈ। ਰਾਘਵ ਨੂੰ ਇਹ ਵੀ ਦੱਸਣਾ ਚਾਹੀਦਾ ਹੈ ਕਿ ਉਨ੍ਹਾਂ ਨੂੰ ਅਰਵਿੰਦ ਕੇਜਰੀਵਾਲ ਦੇ ਸ਼ੀਸ਼ਮਹਿਲ ਵਿੱਚ ਕਿਉਂ ਬੁਲਾਇਆ ਗਿਆ ਅਤੇ ਕੁੱਟਿਆ ਗਿਆ ਸੀ। ਉਹ ਇਹ ਗੱਲ ਲੋਕਾਂ ਨੂੰ ਕਿਉਂ ਨਹੀਂ ਦੱਸ ਰਹੇ ? ਸਾਰਿਆਂ ਨੂੰ ਦੱਸੋ ਕਿ ਉਹ 4 ਲੋਕ ਕੌਣ ਸਨ ਜੋ ਉੱਥੇ ਬੈਠੇ ਸਨ ਜਦੋਂ ਤੁਹਾਨੂੰ ਕੁੱਟਿਆ ਗਿਆ ਸੀ। ਤੁਹਾਡੇ ਤੋਂ ਵਿੱਤੀ ਲੈਣ-ਦੇਣ ਬਾਰੇ ਪੁੱਛਗਿੱਛ ਕੀਤੀ ਜਾ ਰਹੀ ਸੀ। ਤੁਸੀਂ ਰੋਂਦੇ ਰਹੇ, ਅਤੇ ਉੱਥੇ ਕਿਸੇ ਨੇ ਤੁਹਾਡਾ ਸਮਰਥਨ ਨਹੀਂ ਕੀਤਾ। ਜੈਹਿੰਦ ਨੇ ਵੀਡੀਓ ਨੂੰ ਇਹ ਕਹਿ ਕੇ ਸਮਾਪਤ ਕੀਤਾ ਕਿ, "ਰਾਘਵ ਇੱਕ ਵੱਡਾ ਨਾਮ ਹੈ, ਥੋੜ੍ਹੀ ਹਿੰਮਤ ਕਰੋ। ਰਾਜ ਸਭਾ ਵਿੱਚ ਇੰਨਾ ਬੋਲਦੇ ਹੋ, ਤਾਂ ਇਹ ਵੀ ਬੋਲੋ। ਸਾਨੂੰ ਦੱਸੋ ਕਿ ਤੁਸੀਂ ਇੰਗਲੈਂਡ ਕਿਉਂ ਗਏ ਸੀ। ਲੋਕ ਸੋਚ ਰਹੇ ਹਨ ਕਿ ਤੁਸੀਂ ਪਤਨੀ ਨਾਲ ਗਏ ਸੀ। ਵਿਚਾਰਾ ਗਰੀਬ ਆਦਮੀ ਮੁਸ਼ਿਕਲ ਨਾਲ ਅੱਖ ਠੀਕ ਕਰਵਾ ਸਕਿਆ।"

## ਵਿਸਾਖੀ ਮੌਕੇ ਪਾਕਿਸਤਾਨ ਜਾਣ ਵਾਲੇ ਜਥੇ ਦੇ ਸ਼ਿਡਊਲ 'ਚ ਤਬਦੀਲੀ, ਜਾਣੋ ਕਿੰਨੇ ਸ਼ਰਧਾਲੂਆਂ ਨੂੰ ਮਿਲਿਆ ਵੀਜ਼ਾ ?

**ਅੰਮ੍ਰਿਤਸਰ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਖਾਲਸਾ ਸਾਜਨਾ ਦਿਵਸ ਦੇ ਪਵਿੱਤਰ ਦਿਹਾੜੇ ਮੌਕੇ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨ-ਦੀਦਾਰ ਕਰਨ ਲਈ ਜਾਣ ਵਾਲੇ ਜਥੇ ਦੀਆਂ ਤਿਆਰੀਆਂ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ ਨੇ ਅਹਿਮ ਜਾਣਕਾਰੀ ਸਾਂਝੀ



ਕੀਤੀ ਹੈ। ਉਨ੍ਹਾਂ ਦੱਸਿਆ ਕਿ ਇਸ ਵਾਰ ਵਿਸਾਖੀ ਜਥੇ ਦੇ ਸ਼ਿਡਊਲ ਵਿੱਚ ਕੁਝ ਬਦਲਾਅ ਕੀਤਾ ਗਿਆ ਹੈ। ਜਾਣਕਾਰੀ ਅਨੁਸਾਰ, ਪਹਿਲਾਂ ਇਹ ਜਥਾ 12 ਅਪ੍ਰੈਲ ਨੂੰ ਰਵਾਨਾ ਹੋ ਕੇ 21 ਅਪ੍ਰੈਲ ਨੂੰ ਵਾਪਸ ਆਉਣਾ ਸੀ, ਪਰ ਹੁਣ ਨਵੇਂ ਸ਼ਡਿਊਲ ਅਨੁਸਾਰ ਸ਼ਰਧਾਲੂ 10 ਅਪ੍ਰੈਲ ਨੂੰ ਪਾਕਿਸਤਾਨ ਲਈ ਰਵਾਨਾ ਹੋਣਗੇ ਅਤੇ 19 ਅਪ੍ਰੈਲ ਨੂੰ ਵਤਨ ਵਾਪਸੀ ਕਰਨਗੇ। ਕੁਲਵੰਤ ਸਿੰਘ ਮੰਨਣ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਇਸ ਯਾਤਰਾ ਲਈ 1860 ਪਾਸਪੋਰਟ ਭੇਜੇ ਗਏ ਹਨ ਅਤੇ ਉਮੀਦ ਹੈ ਕਿ ਲਗਭਗ 1800 ਸ਼ਰਧਾਲੂਆਂ ਨੂੰ ਵੀਜ਼ਾ ਮਿਲੇਗਾ। ਉਨ੍ਹਾਂ ਕਿਹਾ ਕਿ 1947 ਦੀ ਵੰਡ ਵੇਲੇ ਜਿਹੜੇ ਗੁਰੂ ਘਰ ਪਾਕਿਸਤਾਨ ਵਿੱਚ ਰਹਿ ਗਏ ਸਨ, ਉਨ੍ਹਾਂ ਦੇ ਦਰਸ਼ਨਾਂ ਲਈ ਸੰਗਤਾਂ ਵਿੱਚ ਭਾਰੀ ਉਤਸ਼ਾਹ ਹੈ। ਯਾਤਰਾ ਦੌਰਾਨ ਇਕੱਲੀਆਂ ਬੀਬੀਆਂ ਦੇ ਜਾਣ 'ਤੇ ਲਗਾਈ ਗਈ ਕਥਿਤ ਪਾਬੰਦੀ ਬਾਰੇ ਫੈਲੀਆਂ ਅਫਵਾਹਾਂ ਨੂੰ ਨਕਾਰਦਿਆਂ ਮੁੱਖ ਸਕੱਤਰ ਨੇ ਸਥਿਤੀ ਸਪੱਸ਼ਟ ਕੀਤੀ। ਉਨ੍ਹਾਂ ਕਿਹਾ ਕਿ ਐਸ.ਜੀ.ਪੀ.ਸੀ. ਵੱਲੋਂ ਅਜਿਹਾ ਕੋਈ ਮਤਾ ਪਾਸ ਨਹੀਂ ਕੀਤਾ ਗਿਆ ਅਤੇ ਨਾ ਹੀ ਕੋਈ ਅਧਿਕਾਰਤ ਪਾਬੰਦੀ ਲਗਾਈ ਗਈ ਹੈ। ਹਰ ਮਾਈ-ਭਾਈ ਗੁਰਧਾਮਾਂ ਦੇ ਦਰਸ਼ਨ ਕਰਨ ਲਈ ਸੁਤੰਤਰ ਹੈ। ਹਾਲਾਂਕਿ, ਉਨ੍ਹਾਂ ਨੇ ਭਾਈਚਾਰਕ ਸਾਂਝ ਅਤੇ ਸੁਰੱਖਿਆ ਦੇ ਨਜ਼ਰੀਏ ਤੋਂ ਸੁਝਾਅ ਦਿੱਤਾ ਕਿ ਜੇਕਰ ਬੀਬੀਆਂ ਆਪਣੇ ਨਾਲ ਕਿਸੇ ਪਰਿਵਾਰਕ ਮੈਂਬਰ (ਭਰਾ, ਪੁੱਤਰ ਜਾਂ ਕਿਸੇ ਹੋਰ ਮਹਿਲਾ ਸਾਥੀ) ਨੂੰ ਲੈ ਕੇ ਜਾਣ ਤਾਂ ਸਫ਼ਰ ਦੌਰਾਨ ਦੇਖਭਾਲ ਕਰਨੀ ਸੌਖੀ ਹੁੰਦੀ ਹੈ। ਉਨ੍ਹਾਂ ਕਿਹਾ ਕਿ ਜਥੇ ਵਿੱਚ ਇਕੱਠੇ ਜਾਣ ਦਾ ਇੱਕ ਵੱਖਰਾ ਆਨੰਦ ਅਤੇ ਸਕੂਨ ਹੁੰਦਾ ਹੈ ਅਤੇ ਸਫ਼ਰ ਦੌਰਾਨ ਕਿਸੇ ਵੀ ਲੋੜ ਵੇਲੇ ਇੱਕ-ਦੂਜੇ ਦੀ ਮਦਦ ਕੀਤੀ ਜਾ ਸਕਦੀ ਹੈ। ਸ਼੍ਰੋਮਣੀ ਕਮੇਟੀ ਦਾ ਮੁੱਖ ਕਰਤੱਵ ਸ਼ਰਧਾਲੂਆਂ ਦੀ ਸਹੂਲਤ ਅਤੇ ਉਨ੍ਹਾਂ ਦੀ ਸੁਚੱਜੀ ਦੇਖਭਾਲ ਕਰਨਾ ਹੈ।

ਯੂਨੀਕ ਹੋਮ ਜਲੰਧਰ ਵਿਖੇ ਬਾਲੜੀਆਂ ਦੇ ਸਮੂਹਿਕ ਜਨਮ ਦਿਨ ਨੂੰ ਮਨਾਉਣ ਅਤੇ ਹੋਰ ਸਮਾਜ ਸੇਵੀ ਕਾਰਜਾਂ ਦੀ ਵਿਉਂਤਬੰਦੀ ਲਈ

# ਪਠਲਾਵਾ ਸੰਸਥਾ ਦੀ ਹੋਈ ਅਹਿਮ ਮੀਟਿੰਗ



**ਬੰਗਾ, 6 ਅਪ੍ਰੈਲ (ਹਰਪ੍ਰੀਤ ਸਿੰਘ ਪਠਲਾਵਾ)**-ਹਰ ਸਾਲ 24 ਅਪ੍ਰੈਲ ਨੂੰ ਭਾਈ ਘਨ੍ਹਈਆ ਜੀ ਚੈਰੀਟੇਬਲ ਟਰੱਸਟ ਦੀ ਨਿਗਰਾਨੀ ਹੇਠ ਯੂਨੀਕ ਹੋਮ ਜਲੰਧਰ ਵਿਖੇ ਪਲ ਰਹੀਆਂ ਅਣਇੱਛਤ ਅਤੇ ਅਣਕਿਆਸੀਆਂ ਸੈਂਕੜੇ ਬਾਲੜੀਆਂ ਦਾ ਸਮੂਹਿਕ ਜਨਮ ਦਿਨ ਨੂੰ ਵਿਧੀਵਤ ਢੰਗ ਨਾਲ ਮਨਾਉਣ ਹਿਤ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਦੀ ਇਕ ਅਹਿਮ ਮੀਟਿੰਗ ਵਾਰੀਆ ਪਰਿਵਾਰ ਦੇ ਗ੍ਰਹਿ ਵਿਖੇ ਪਾਰਕ ਵਿਚ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ, ਸਰਪ੍ਰਸਤ ਸ ਬਲਵੀਰ ਸਿੰਘ ਐਕਸ ਆਰਮੀ ਸਾਹਿਬ, ਪ੍ਰਧਾਨ ਸ ਪ੍ਰਮਜੀਤ ਸਿੰਘ ਸੂਰਾਪੁਰ ਅਤੇ ਸੰਸਥਾ ਦੇ ਧਾਰਮਿਕ ਵਿੰਗ ਦੇ ਮੁਖੀ ਜਥੇਦਾਰ ਸਵਰਨਜੀਤ ਸਿੰਘ ਪਠਲਾਵਾ ਦੀ ਰਹਿਨੁਮਾਈ ਹੇਠ ਹੋਈ। ਮੀਟਿੰਗ ਵਿਚ ਹੋਏ ਫੈਸਲਿਆਂ ਸਬੰਧੀ ਪ੍ਰੈਸ ਨੂੰ ਜਾਣਕਾਰੀ ਸਾਂਝੀ ਕਰਦਿਆਂ ਸੰਸਥਾ ਦੇ ਜਨਰਲ ਸਕੱਤਰ ਮਾ ਤਰਲੋਚਨ ਸਿੰਘ ਪਠਲਾਵਾ, ਮੁੱਖ ਬੁਲਾਰੇ ਲੈਕਚਰਾਰ ਤਰਸੇਮ ਪਠਲਾਵਾ, ਕਾਰਜਕਾਰੀ ਪ੍ਰਧਾਨ ਸ ਬਲਵੀਰ ਸਿੰਘ ਯੂ ਕੇ ਸਾਹਿਬ, ਅਤੇ ਉਪ ਪ੍ਰਧਾਨ ਸ੍ਰੀ ਸਤੀਸ਼ ਕੁਮਾਰ ਐਮਾਂ ਜਟਾਂ ਨੇ ਇਕ ਸਾਂਝੇ ਬਿਆਨ ਆਖਿਆ ਕਿ ਸੰਸਥਾ ਦੇ ਸੀਨੀਅਰ ਅਹੁਦੇਦਾਰ ਸਮੇਤ ਇਸਤਰੀ ਵਿੰਗ ਦੀ ਇਕ ਅਹਿਮ ਮੀਟਿੰਗ ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆ,ਅਤੇ ਉਪ ਚੇਅਰਮੈਨ ਸ ਤਰਲੋਚਨ ਸਿੰਘ ਵਾਰੀਆ ਜੀ ਦੀ ਰਹਿਨੁਮਾਈ ਹੇਠ ਮਿਤੀ 10 ਅਪ੍ਰੈਲ ਦੁਪਿਹਰ ਇਕ ਵਜੇ ਪਦਮਸ਼੍ਰੀ ਮਾਤਾ ਪ੍ਰਕਾਸ਼ ਕੌਰ ਜੀ ਅਤੇ ਟਰੱਸਟ ਦੇ ਸਮੂਹ ਟਰੱਸਟੀਆਂ ਨਾਲ ਹੋਵੇਗੀ ਜਿਸ ਵਿਚ ਸਮਾਗਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜਨ , ਮੁੱਖ ਮਹਿਮਾਨ ਅਤੇ ਆਮ ਜਨਤਾ ਦੀ ਆਮਦ ਤੇ ਖਾਣ ਪੀਣ ਦੇ ਪ੍ਰਬੰਧਾਂ ਵਾਰੇ ਪੂਰੇ ਵਿਸਥਾਰ ਸਹਿਤ ਵਿਚਾਰਾਂ ਕੀਤੀਆਂ ਜਾਣਗੀਆਂ ਗੌਰਤਲਬ ਹੈ ਕਿ ਸ ਇੰਦਰਜੀਤ ਸਿੰਘ ਵਾਰੀਆ ਜੀ ਦੀ ਰਹਿਨੁਮਾਈ ਹੇਠ ਸੰਸਥਾ ਪਠਲਾਵਾ ਯੂਨੀਕ ਹੋਮ ਜਲੰਧਰ ਵਿਖੇ ਬਾਲੜੀਆਂ ਦੇ ਵਧੀਆ ਭਵਿੱਖ ਅਤੇ ਉਹਨਾਂ ਦੀ ਕਾਮਯਾਬ ਜ਼ਿੰਦਗੀ ਲਈ ਨਿਸ਼ਕਾਮ ਸੇਵਾਵਾਂ ਪ੍ਰਦਾਨ ਕਰ ਰਹੀ ਹੈ। ਬੁਲਾਰਿਆਂ ਨੇ ਅੱਗੇ ਦੱਸਿਆ ਕਿ ਇਸ ਤੋਂ ਇਲਾਵਾ ਸੰਸਥਾ ਕੁਦਰਤੀ ਸੋਮਿਆਂ ਦੀ ਸੰਭਾਲ, ਵਾਤਾਵਰਨ ਦੀ ਸ਼ੁੱਧਤਾ ਲਈ ਵੱਧ ਤੋਂ ਵੱਧ ਪਲਾਂਟੇਸਨ ਕਰਨੀ , ਪੇਂਡੂ ਲੜਕੀਆਂ ਲਈ ਸਿਲਾਈ ਸੈਂਟਰ ਦਾ ਖੋਲਣਾਂ, ਨੌਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਥਾਪਤ ਕੀਤੇ ਪਠਲਾਵਾ ਵਿਚ ਜੰਗਲ ਦੀ ਦੇਖਭਾਲ ਕਰਨਾ ਅਤੇ ਹਰ ਦਰਜਨਾਂ ਸਮਾਜ਼ ਸੇਵੀ ਕਾਰਜਾਂ ਨੂੰ ਸੰਸਥਾ ਦੀ ਕਾਰਜਸ਼ੈਲੀ ਨੂੰ ਆਉਣ ਵਾਲੇ ਸਮੇਂ ਵਿੱਚ ਹਿਸਾ ਬਣਾਇਆ ਜਾਵੇਗਾ। ਇਸ ਤੋਂ ਇਲਾਵਾ ਪਠਲਾਵਾ ਸੰਸਥਾ ਵਲੋਂ ਸਰਕਾਰੀ ਹਾਈ ਸਕੂਲ ਪਠਲਾਵਾ -ਮੋਰਾਵਾਲੀ ਦੇ ਵਿਕਾਸ ਕਾਰਜਾ ਅਤੇ ਤਰੱਕੀ ਵਿਚ ਬਣਦਾ ਸਹਿਯੋਗ ਵੀ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸੰਸਥਾ ਵਲੋਂ ਗੁਰਦੁਆਰਾ ਸ਼ਹੀਦ ਬਾਬਾ ਬੇਅੰਤ ਸਿੰਘ ਚੌਹੜਾ,ਕੋਟ ਪੱਲੀਆਂ ਵਿਖੇ ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਸਾਖੀ ਦੇ ਪਵਿੱਤਰ ਦਿਹਾੜੇ ਤੇ ਜਾ ਰਹੀਆਂ ਗੁਰੂ ਦੀਆਂ ਸੰਗਤਾਂ ਵਾਸਤੇ ਜਥੇਦਾਰ ਸਵਰਨਜੀਤ ਸਿੰਘ ਪਠਲਾਵਾ ਦੀ ਰਹਿਨੁਮਾਈ ਹੇਠ ਲਗਾਏ ਜਾ ਰਹੇ ਲੰਗਰਾਂ ਵਿਚ ਵੀ ਬਣਦਾ ਸਹਿਯੋਗ ਕੀਤਾ ਜਾਵੇਗਾ। ਇਸ ਅਵਸਰ ਤੇ ਹੋਰਨਾਂ ਤੋਂ ਇਲਾਵਾ ਸੰਸਥਾ ਦੇ ਉਪ ਚੇਅਰਮੈਨ ਕੈਪਟਨ ਸ ਜੋਗਾ ਸਿੰਘ,ਸ੍ਰੀ ਸੰਦੀਪ ਕੁਮਾਰ ਗੌੜ, ਮੀਡੀਆ ਇੰਚਾਰਜ ਹਰਜੀਤ ਸਿੰਘ ਜੀਤਾ,ਡਾ ਕੁਲਦੀਪ ਰਾਜ ਬੰਗਾ, ਸਤੀਸ਼ ਕੁਮਾਰ ਐਮਾਂ ਜਟਾਂ ਪ੍ਰੈਸ ਸਕੱਤਰ ਮਾ ਸੁਰਿੰਦਰ ਸਿੰਘ ਕਰਮ,ਸ ਹਰਪ੍ਰੀਤ ਸਿੰਘ ਖਾਲਸਾ,,ਡਾ ਸੰਜੀਵ ਕੁਮਾਰ ਐਮਾਂ ਜਟਾਂ,ਸ ਆਤਮਾਂ ਸਿੰਘ ਸੂਰਾਪੁਰ, ਰਜਿੰਦਰ ਸਿੰਘ ਜਿੰਦਾ, ਰਣਜੀਤ ਸਿੰਘ ਰਾਜੂ, ਇਸਤਰੀ ਵਿੰਗ ਦੇ ਚੇਅਰਪਰਸਨ ਸ੍ਰੀਮਤੀ ਕੁਲਵਿੰਦਰ ਕੌਰ ਵਾਰੀਆ,ਉਪ ਚੇਅਰਪਰਸਨ ਸ੍ਰੀਮਤੀ ਜਸਵੀਰ ਕੌਰ ਵਾਰੀਆ, ਮੈਡਮ ਸਰਬਜੀਤ ਕੌਰ ਪਠਲਾਵਾ, ਮੈਡਮ ਸਾਰਿਕਾ ਸੋਨੀ ਸੁਜੋਂ, ਮੈਡਮ ਬਲਵਿੰਦਰ ਕੌਰ ਪਠਲਾਵਾ ਹਾਜਿਰ ਸਨ।

ਲੋਕਾਂ ਦੇ ਦਿਲਾਂ ਦਾ ਸੱਚਾ ਨੁਮਾਇੰਦਾ ਅਤੇ ਪੰਜਾਬ ਲਈ ਆਸ ਦੀ ਕਿਰਨ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ : ਸ਼ਮਸ਼ੇਰ ਸਿੰਘ ਪੱਧਰੀ

# ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਉਭਾਰ ਪੁਰਾਣੀ ਸਿਆਸਤ ਦੇ ਮਜ਼ਬੂਤ ਢਾਂਚਿਆਂ ਨੂੰ ਦੇ ਰਿਹਾ ਹੈ ਚੁਣੌਤੀ



**ਚੰਡੀਗੜ੍ਹ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਉੱਤੇ ਲਗਾਈ ਗਈ ਐਨ ਐਸ ਏ ਨੂੰ ਇਕ ਹੋਰ ਸਾਲ ਬੀਤ ਜਾਣਾ ਸਿਰਫ ਇੱਕ ਵਿਅਕਤੀ ਨਾਲ ਅਨਿਆਇ ਨਹੀਂ, ਸਗੋਂ ਭਾਰਤ ਦੇ ਲੋਕਤੰਤਰ ਦੇ ਲਈ ਇਕ ਵੱਡਾ ਸਵਾਲ ਹੈ। ਜਿਸ ਦੇਸ਼ ਨੂੰ ਲੋਕਤੰਤਰ ਦਾ ਮੰਦਰ ਕਿਹਾ ਜਾਂਦਾ ਹੈ, ਉਥੇ ਲੋਕਾਂ ਵੱਲੋਂ ਭਾਰੀ ਬਹੁਮਤ ਨਾਲ ਚੁਣੇ ਗਏ ਨੁਮਾਇੰਦੇ ਨੂੰ ਪਾਰਲੀਮੈਂਟ ਵਿੱਚ ਆਪਣੀ ਆਵਾਜ਼ ਉਠਾਉਣ ਦਾ ਮੌਕਾ ਤੱਕ ਨਾ ਮਿਲਣਾ, ਇਸ ਪ੍ਰਣਾਲੀ ਦੀ ਅਸਲ ਹਕੀਕਤ ਨੂੰ ਬੇਨਕਾਬ ਕਰਦਾ ਹੈ।ਕਨੂੰਨੀ ਚਾਰਾਜੋਈ ਦੇ ਬਾਵਜੂਦ ਵੀ ਐਨ ਐਸ ਏ ਖਤਮ ਨਾਂ ਕਰਨਾ, ਸਾਫ਼ ਦੱਸਦਾ ਹੈ ਕਿ ਇਹ ਮਾਮਲਾ ਸਿਰਫ ਕਾਨੂੰਨ ਦਾ ਨਹੀਂ, ਸਿਆਸੀ ਸੋਚ ਦਾ ਨਤੀਜਾ ਹੈ। ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਗੈਰ ਮੌਜੂਦਗੀ ਦੇ ਬਾਵਜੂਦ, ਖ਼ਡੂਰ ਸਾਹਿਬ ਤੋਂ ਉਹਨਾਂ ਦੀ ਇਤਿਹਾਸਕ ਜਿੱਤ ਅਤੇ ਉਸ ਤੋਂ ਬਾਅਦ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਉਭਾਰ, ਪੰਜਾਬ ਦੀ ਸਿਆਸਤ ਵਿੱਚ ਇੱਕ ਨਵੀਂ ਲਹਿਰ ਦਾ ਸੰਕੇਤ ਹੈ। ਪੰਜਾਬ ਦਾ ਨੌਜਵਾਨ ਵਰਗ ਵੱਡੀ ਗਿਣਤੀ ਵਿੱਚ ਇਸ ਪਾਰਟੀ ਨਾਲ ਜੁੜ ਰਿਹਾ ਹੈ, ਕਿਉਂਕਿ ਉਹਨਾਂ ਨੂੰ ਭਾਈ ਅੰਮ੍ਰਿਤਪਾਲ ਸਿੰਘ ਵਿੱਚ ਆਪਣੀ ਆਵਾਜ਼, ਆਪਣੀ ਪਛਾਣ ਅਤੇ ਆਪਣੇ ਭਵਿੱਖ ਦੀ ਝਲਕ ਦਿਖਾਈ ਦਿੰਦੀ ਹੈ। ਇਹ ਸਿਰਫ ਇੱਕ ਸਿਆਸੀ ਉਭਾਰ ਨਹੀਂ, ਸਗੋਂ ਇੱਕ ਜਾਗਰੂਕਤਾ ਦੀ ਲਹਿਰ ਹੈ ਜੋ ਪੁਰਾਣੀ ਸਿਆਸਤ ਦੇ ਢਾਂਚਿਆਂ ਨੂੰ ਚੁਣੌਤੀ ਦੇ ਰਹੀ ਹੈ। ਇਸਦੇ ਉਲਟ, ਰਿਵਾਇਤੀ ਸਿਆਸੀ ਪਾਰਟੀਆਂ ਦੀ ਹਾਲਤ ਇਹ ਹੈ ਕਿ ਉਹ ਆਪਣੀ ਜਮੀਨ ਖਿਸਕਦੀ ਵੇਖ ਕੇ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਦੇ ਵਿਰੋਧ ਵਿੱਚ ਇਕ ਪਲੇਟਫਾਰਮ ਟੇ ਇਕੱਠੀਆਂ ਨਜ਼ਰ ਆ ਰਹੀਆਂ ਹਨ। ਜਿਹੜੀਆਂ ਪਾਰਟੀਆਂ ਕਦੇ ਇੱਕ-ਦੂਜੇ ਦੀਆਂ ਵਿਰੋਧੀ ਸਨ, ਅੱਜ ਉਹ ਸਿਰਫ਼ ਇੱਕ ਮੁੱਦੇ ‘ਤੇ ਇਕੱਠੀਆਂ ਨਜ਼ਰ ਆ ਰਹੀਆਂ ਹਨ ਜੋ ਹੈ ਭਾਈ ਅੰਮ੍ਰਿਤਪਾਲ ਸਿੰਘ ਦਾ ਵਿਰੋਧ। ਇਹ ਗੱਲ ਸਾਫ਼ ਦਰਸਾਉਂਦੀ ਹੈ ਕਿ ਉਹਨਾਂ ਦਾ ਅਸਲ ਡਰ ਕੀ ਹੈ।ਉਹ ਨਹੀਂ ਚਾਹੁੰਦੀਆਂ ਕਿ ਭਾਈ ਅੰਮ੍ਰਿਤਪਾਲ ਸਿੰਘ ਦੀ ਐਨ ਐਸ ਏ ਖਤਮ ਹੋਵੇ ਜਾਂ ਉਹ ਪੰਜਾਬ ਵਾਪਸ ਆਉਣ, ਕਿਉਂਕਿ ਉਹਨਾਂ ਨੂੰ ਪਤਾ ਹੈ ਕਿ ਜਦੋਂ ਲੋਕਾਂ ਦਾ ਅਸਲੀ ਨੁਮਾਇੰਦਾ ਵਾਪਸ ਆਵੇਗਾ, ਤਾਂ ਝੂਠੀ ਸਿਆਸਤ ਦੀਆਂ ਨੀਂਹਾਂ ਹਿਲ ਜਾਣਗੀਆਂ। ਇਸਦੇ ਨਾਲ ਹੀ, ਅਕਾਲੀ ਦਲ ਵਾਰਿਸ ਪੰਜਾਬ ਦੇ ਨੂੰ ਕਮਜ਼ੋਰ ਕਰਨ ਲਈ ਵੀ ਦਿਨ-ਰਾਤ ਸਿਆਸੀ ਪੈਂਤੜੇ ਖੇਡੇ ਜਾ ਰਹੇ ਹਨ। ਪਰ ਇਹ ਸਭ ਕੋਸ਼ਿਸ਼ਾਂ ਉਸ ਵੇਲੇ ਨਾਕਾਮ ਹੋ ਜਾਂਦੀਆਂ ਹਨ ਜਦੋਂ ਜਨਤਾ ਦਾ ਸਮਰਥਨ ਇੱਕ ਢਾਲ ਬਣ ਕੇ ਖੜ੍ਹ ਜਾਂਦਾ ਹੈ। ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਵੱਲੋਂ ਪੰਜਾਬ ਦੀ ਨੌਜਵਾਨੀ ਲਈ ਕੀਤੇ ਗਏ ਕਾਰਜ, ਨਸ਼ਾ ਮੁਕਤੀ, ਸਿੱਖੀ ਦਾ ਪ੍ਰਚਾਰ ਅਤੇ ਸਮਾਜਿਕ ਜਾਗਰੂਕਤਾ ਲੋਕਾਂ ਦੇ ਦਿਲਾਂ ਵਿੱਚ ਡੂੰਘਾ ਅਸਰ ਛੱਡ ਚੁੱਕੇ ਹਨ। ਅੱਜ ਹਾਲਾਤ ਇਹ ਹਨ ਕਿ ਇੱਕ ਪਾਸੇ ਸਰਕਾਰਾਂ ਅਤੇ ਰਿਵਾਇਤੀ ਪਾਰਟੀਆਂ ਆਪਣੀ ਸਿਆਸਤ ਬਚਾਉਣ ਲਈ ਇਕੱਠੀਆਂ ਹੋ ਰਹੀਆਂ ਹਨ, ਤੇ ਦੂਜੇ ਪਾਸੇ ਆਮ ਲੋਕ ਇੱਕ ਨਵੇਂ ਵਿਕਲਪ ਵੱਲ ਵਧ ਰਹੇ ਹਨ। ਇਹ ਲੜਾਈ ਸਿਰਫ ਇੱਕ ਵਿਅਕਤੀ ਦੀ ਨਹੀਂ, ਸਗੋਂ ਸੱਚ ਅਤੇ ਝੂਠ, ਇਨਸਾਫ ਅਤੇ ਜ਼ੁਲਮ ਦੇ ਵਿਚਕਾਰ ਦੀ ਲੜਾਈ ਹੈ।

# ਟਰੱਸਟ ਸਦਾਵਰਤ ਪੰਚਾਇਤੀ ਵੱਲੋਂ 101 ਗਰੀਬ ਤੇ ਲੋੜਵੰਦ ਪਰਿਵਾਰਾਂ ਨੂੰ ਵੰਡਿਆ ਰਾਸ਼ਨ



**ਫ਼ਿਰੋਜ਼ਪੁਰ, 5 ਅਪ੍ਰੈਲ (ਮਨੋਹਰ ਲਾਲ)** :— ਟਰੱਸਟ ਸਦਾਵਰਤ ਪੰਚਾਇਤੀ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ 101 ਗਰੀਬ ਅਤੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਵੰਡਿਆ।ਇਸ ਮੌਕੇ ਤੇ ਸਭ ਤੋਂ ਪਹਿਲਾਂ ਪ੍ਰਮਾਤਮਾ ਅੱਗੇ ਅਰਦਾਸ ਬੇਨਤੀ ਕੀਤੀ ਕਿ ਜਿਨ੍ਹਾਂ ਨੇ ਇਹ ਸੰਸਥਾ ਬਣਾਈ ਹੈ, ਉਨ੍ਹਾਂ ਦਾਨੀ ਸੱਜਣਾਂ ਨੂੰ ਪ੍ਰਮਾਤਮਾ ਸਵਰਗਾਂ ਵਿਚ ਵਾਸ ਹੋਵੇ। ਇਸ ਮੌਕੇ ਤੇ ਸ੍ਰੀ ਪੀ.ਸੀ ਕੁਮਾਰ, ਡੀ.ਕੇ ਬਜਾਜ, ਉਮ ਪ੍ਰਕਾਸ਼, ਰਜਨੀਸ਼ ਕਪੂਰ, ਮਿਸ ਮਿਨੂ ਕਪੂਰ ਹਾਜ਼ਰ ਸਨ। ਇਸ ਮੌਕੇ ਤੇ ਸ੍ਰੀ ਪੀ.ਸੀ ਕੁਮਾਰ ਨੇ ਬੋਲਦਿਆਂ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਸੱਚੀ ਸੁੱਚੀ ਸੇਵਾ ਹੈ, ਸਾਨੂੰ ਵੱਧ ਤੋਂ ਵੱਧ ਲੋੜਵੰਦ ਪਰਿਵਾਰਾਂ ਦੀ ਮੱਦਦ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਸ੍ਰੀ ਡੀ.ਕੇ ਬਜਾਜ ਨੇ ਕਿਹਾ ਕਿ ਸਾਡੀ ਟਰੱਸਟ ਸਦਾਵਰਤ ਪੰਚਾਇਤੀ ਘਰ—ਘਰ ਜਾ ਕੇ ਲੋੜਵੰਦ ਪਰਿਵਾਰਾਂ ਦੀ ਮੱਦਦ ਕਰਦੀ ਆ ਰਹੀ ਹੈ। ਇਸ ਮੌਕੇ ਤੇ ਸ੍ਰੀ ਰਜਨੀਸ਼ ਕਪੂਰ ਸਾਬਕਾ ਮੈਨੇਜਰ ਪੰਜਾਬ ਨੈਸ਼ਨਲ ਬੈਂਕ ਨੇ ਬੋਲਦਿਆਂ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਗਰੀਬ ਬੱਚਿਆਂ ਦੀਆਂ ਫੀਸਾਂ, ਕਿਤਾਬਾਂ ਦੇਣੀਆਂ ਚਾਹੀਦੀਆਂ ਹਨ। ਇਸ ਮੌਕੇ ਤੇ ਮਿਸ ਕਪੂਰ ਨੇ ਬੋਲਦਿਆਂ ਕਿਹਾ ਕਿ ਕੁਝ ਵਿਧਵਾਵਾਂ ਔਰਤਾਂ ਘਰ ਵਿਚੋਂ ਹੀ ਨਹੀਂ ਨਿਕਲਦੀਆਂ ਅਤੇ ਤੰਗੀ—ਤੁਰਸ਼ੀ ਵਿਚ ਜਿੰਦਗੀ ਬਤੀਤ ਕਰ ਰਹੀਆਂ ਹਨ, ਇਹੋ ਜਿਹੇ ਪਰਿਵਾਰਾਂ ਦੀ ਮੱਦਦ ਕਰਨੀ ਚਾਹੀਦੀ ਹੈ। ਇਸ ਮੌਕੇ ਤੇ ਸ੍ਰੀ ਉਮ ਪ੍ਰਕਾਸ਼ ਨੇ ਅੱਗੇ ਕਿਹਾ ਕਿ ਸਾਡੀ ਸੰਸਥਾ ਲੋੜਵੰਦਾਂ ਦੀ ਮੱਦਦ ਕਰਦੀ ਹੈ।

# ਠਾਕਰ ਦਲੀਪ ਸਿੰਘ ਬਿਨ੍ਹਾਂ ਦੇਰੀ ਵਿਸ਼ਵ ਭਰ ਦੇ ਸਿੱਖਾਂ ਤੋਂ ਮੰਗਣ ਮੁਆਫੀ—ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ



**ਫ਼ਿਰੋਜ਼ਪੁਰ, 05 ਅਪ੍ਰੈਲ (ਮਨੋਹਰ ਲਾਲ)** :— ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਆਗੂਆਂ ਨੇ ਜ਼ਿਲ੍ਹਾ ਪੱਧਰੀ ਮੀਟਿੰਗ ਖਾਲਸਾ ਗੁਰਦੁਆਰਾ ਫ਼ਿਰੋਜ਼ਪੁਰ ਛਾਉਣੀ ਵਿਖੇ ਕੀਤੀ, ਜਿਸ ਵਿਚ ਪਹਿਲਾ ਮਤਾ ਪਾਸ ਕੀਤਾ ਕਿ ਕੁਦਰਤੀ ਆਫਤ ਮੀਂਹ ਅਤੇ ਗੜ੍ਹਿਆਂ ਨਾਲ ਕਣਕ ਦੀ ਫਸਲ ਨੂੰ ਹੋਏ ਨੁਕਸਾਨ ਦੀ ਭਰਪਾਈ ਲਈ ਸਰਵੇ ਕੀਤਾ ਜਾਵੇ। ਇਸ ਮੌਕੇ ਬੋਲਦਿਆਂ ਆਗੂਆਂ ਨੇ ਕਿਹਾ ਕਿ ਖਰਾਬੇ ਦੇ ਚਲਦਿਆਂ ਪੀੜਤ ਕਿਸਾਨਾਂ ਨੂੰ 40 ਹਜ਼ਾਰ ਪ੍ਰਤੀ ਏਕੜ ਮੁਆਵਜਾ ਦਿੱਤਾ ਜਾਵੇ ਤਾਂ ਜ਼ੋ ਮੰਦਹਾਲੀ ਦੇ ਦੌਰ ਵਿਚੋਂ ਗੁਜਰ ਰਹੀ ਕਿਰਸਾਨੀ ਨੂੰ ਕੁਝ ਰਾਹਤ ਮਿਲ ਸਕੇ। ਉਪਰੰਤ ਦੂਸਰਾ ਮਤਾ ਪਾਸ ਕੀਤਾ ਕਿ ਨਾਮਧਾਰੀ ਮੁਖੀ ਠਾਕਰ ਦਲੀਪ ਸਿੰਘ ਵੱਲੋਂ ਜਾਗਤ ਜ਼ੋਤ, ਹਾਜ਼ਰਾ ਹਜ਼ੂਰ, ਪ੍ਰਗਟ ਗੁਰਾਂ ਕੀ ਦੇਹ, ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਕਿਤਾਬ ਕਹਿਣ ਦੇ ਬਿਆਨ ਦੀ ਨਿਖੇਧੀ ਕਰਦਿਆਂ ਇਸ ਨੂੰ ਸਿੱਖ ਮਰਿਆਦਾ ਅਤੇ ਭਾਵਨਾਵਾਂ ਨਾਲ ਖਿਲਵਾੜ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਨਾਮਧਾਰੀ ਮੁਖੀ ਆਪਣੀ ਇਸ ਗਲਤੀ ਲਈ ਵਿਸ਼ਵਭਰ ਦੇ ਸਿੱਖਾਂ ਤੋਂ ਜਨਤਕ ਤੌਰ ਤੇ ਮਾਫੀ ਮੰਗਣ। ਇਸ ਮੀਟਿੰਗ ਵਿਚ ਇਹ ਫੈਸਲਾ ਲਿਆ ਗਿਆ ਕਿ ਲੋਕ ਸ਼ਕਤੀ ਨੂੰ ਇਕੱਠਿਆਂ ਕਰਕੇ ਪੰਥ, ਪੰਜਾਬ ਅਤੇ ਕਿਸਾਨਾਂ ਦੇ ਹੱਕਾਂ ਤੇ ਪਹਿਰਾ ਦਿੱਤਾ ਜਾਵੇਗਾ। ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਲਈ ਪਿੰਡ, ਸਰਕਲ ਅਤੇ ਹਲਕਾ ਪੱਧਰ ਤੇ ਅਹੁਦੇਦਾਰਾਂ ਦੀ ਚੋਣ ਕਰਕੇ ਅਗਲੇਰੀ ਰਣਨੀਤੀ ਬਣਾਈ ਜਾਵੇਗੀ। ਇਸ ਮੀਟਿੰਗ ਵਿਚ ਪੰਜਾਬ ਅਤੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਗਈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਜਲਦੀ ਕਰਵਾਈਆਂ ਜਾਣ ਤਾਂ ਜ਼ੋ ਸਿੱਖਾਂ ਦੀਆਂ ਸਿਰਮੌਰ ਸੰਸਥਾਵਾਂ ਦਾ ਪ੍ਰਬੰਧ ਯੋਗ ਸਿੱਖਾਂ ਕੋਲ ਹੋਵੇ। ਅਖੀਰ ਵਿਚ ਇਹ ਬੇਨਤੀ ਕੀਤੀ ਕਿ ਸਮੂਹ ਸੁਹਿਰਦ ਸਖਸ਼ੀਅਤਾਂ/ਸੰਸਥਾਵਾਂ ਇਕ ਸੁਰ ਹੋ ਕੇ ਪੰਥ ਅਤੇ ਪੰਜਾਬ ਦੇ ਹਿੱਤਾਂ ਦੀ ਰਾਖੀ ਲਈ ਕਾਰਜਸ਼ੀਲ ਹੋਣ। ਇਸ ਮੌਕੇ ਅਜੈਬ ਸਿੰਘ, ਜ਼ਸਪਾਲ ਸਿੰਘ ਖਾਲਸਾ, ਬਲਜਿੰਦਰ ਸਿੰਘ, ਦਵਿੰਦਰ ਸਿੰਘ ਸੇਖੋਂ ਮਿਸਲ ਸਤਲੁਜ਼, ਡਾਕਟਰ ਮੁਖਤਿਆਰ ਸਿੰਘ ਭੁੱਲਰ, ਲਖਵੀਰ ਸਿੰਘ ਸ਼ਕੂਰ, ਰਾਜ ਸਿੰਘ ਖਾਲਸਾ, ਚਰਨ ਸਿੰਘ ਕੀਰਤੀ ਚੱਕਰ, ਜ਼ਸਪਾਲ ਸਿੰਘ ਪ੍ਰੀਤਮ ਸਿੰਘ ਵਾਲਾ, ਰੇਸ਼ਮ ਸਿੰਘ ਸਾਂਦਾਮੌਜਾ, ਬਲਵਿੰਦਰ ਸਿੰਘ ਆਰਿਫਕੇ, ਜ਼ੋਰਾ ਸਿੰਘ ਸੰਧੂ ਫ਼ਿਰੋਜ਼ਪੁਰ ਕੈਂਟ, ਜ਼ਸਬੀਰ ਸਿੰਘ ਭੁੱਲਰ ਪ੍ਰਧਾਨ, ਕੈਪਟਨ ਕੁਲਦੀਪ ਸਿੰਘ ਵਾੜਾ ਭਾਈਕਾ, ਭੁਪਿੰਦਰ ਸਿੰਘ ਨਾਵਲਟੀ ਟੈਲੀਕੌਲ, ਅੰਮਰਤਪਾਲ ਸਿੰਘ ਸੰਧੂ, ਮਾਸਟਰ ਸੁਖਚੈਨ ਸਿੰਘ, ਜ਼ਸਵਿੰਦਰ ਸਿੰਘ ਧਵਨ ਕਲੋਨੀ, ਗਗਨਦੀਪ ਸਿੰਘ ਰੱਖੜੀ, ਨਛੱਤਰ ਸਿੰਘ ਸ਼ਕੂਰ, ਕੰਵਲ ਸਿੰਘ, ਹਰਦੇਵ ਸਿੰਘ ਹਾਮਦ, ਬਖਸੀਸ਼ ਸਿੰਘ ਗੁਰੂਹਰਸਹਾਏ, ਨਛੱਤਰ ਸਿੰਘ ਫੌਜੀ ਅਫਸਰ ਝੋਕ ਹਰੀਹਰ, ਅਮਰ ਸਿੰਘ ਝੋਕਹਰੀਹਰ, ਕੈਪਟਨ ਲਖਵਿਦਰ ਸਿੰਘ, ਭਾਈ ਤਰਲੋਕ ਸਿੰਘ ਪ੍ਰਧਾਨ ਆਦਿ ਹਾਜ਼ਰ ਸਨ।

# ਨਾਮਧਾਰੀ ਆਗੂ ਠਾਕੁਰ ਦਲੀਪ ਸਿੰਘ ਖਿਲਾਫ ਹੋਵੇ ਸਖਤ ਕਾਰਵਾਈ—ਭਾਈ ਨੰਢਾ



**ਫ਼ਿਰੋਜ਼ਪੁਰ, 05 ਅਪ੍ਰੈਲ (ਮਨੋਹਰ ਲਾਲ)** :— ਪਿਛਲੇ ਦਿਨੀਂ ਹਰਿਆਣਾ ਵਿਚ ਚੱਲ ਰਹੇ ਇਕ ਧਾਰਮਿਕ ਸਮਾਗਮ ਦੌਰਾਨ ਨਾਮਧਾਰੀ ਆਗੂ ਠਾਕੁਰ ਦਲੀਪ ਸਿੰਘ ਵਲੋਂ ਸਿੱਖ ਭਾਵਨਾਵਾਂ ਨੂੰ ਮਾਰੀ ਸੱਟ ਦਾ ਫੈਡਰੇਸ਼ਨ ਮਹਿਤਾ ਨੇ ਸਖਤ ਨੋਟਿਸ ਲਿਆ ਹੈ। ਇਸ ਸੰਬੰਧੀ ਗੱਲਬਾਤ ਕਰਦਿਆਂ ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ ਦੇ ਸ਼ਹਿਰੀ ਪ੍ਰਧਾਨ ਭਾਈ ਕੁਲਦੀਪ ਸਿੰਘ ਨੰਢਾ ਨੇ ਕਿਹਾ ਕਿ ਨਾਮਧਾਰੀ ਆਗੂ ਠਾਕੁਰ ਦਲੀਪ ਸਿੰਘ ਇਕ ਧਾਰਮਿਕ ਸਮਾਗਮ ਦੌਰਾਨ ਸ਼ਰੇਆਮ ਗੁਰੂ ਗ੍ਰੰਥ ਸਾਹਿਬ ਜੀ ਦੀ ਪ੍ਰਭੂਸੱਤਾ ਨੂੰ ਵੰਗਾਰ ਰਿਹਾ ਹੈ ਅਤੇ ਕਹਿ ਰਿਹਾ ਹੈ ਕਿ ਕੋਈ ਧਾਰਮਿਕ ਪੁਸਤਕ ਕਦੇ ਗੁਰੂ ਨਹੀਂ ਹੋ ਸਕਦੀ, ਗੁਰੂ ਸਿਰਫ ਦੇਹ ਰੂਪ ਵਿਚ ਹੀ ਹੋ ਸਕਦਾ ਹੈ। ਇਹ ਟਿੱਪਣੀ ਸਿੱਖ ਸਿਧਾਂਤਾਂ ਦੇ ਪੂਰੀ ਤਰ੍ਹਾਂ ਖਿਲਾਫ ਹੈ। ਫੈਡਰੇਸ਼ਨ ਆਗੂਆਂ ਨੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਤੋਂ ਵੀ ਮੰਗ ਕੀਤੀ ਕਿ ਪੰਥਕ ਸ਼ਖਸੀਅਤਾਂ ਨੂੰ ਨਾਮਧਾਰੀਆਂ ਦੇ ਸਮਾਗਮਾਂ ਵਿਚ ਸ਼ਿਰਕਤ ਕਰਨ ਤੋਂ ਵਰਜਿਆ ਜਾਵੇ ਅਤੇ ਨਾਮਧਾਰੀ ਆਗੂਆਂ ਨੂੰ ਬੇਲੋੜੀ ਬਿਆਨਬਾਜੀ ਕਰਨ ਤੋਂ ਬਾਜ ਆਉਣ ਲਈ ਵੀ ਸਖਤ ਤਾੜਨਾ ਕੀਤੀ ਜਾਵੇ। ਇਸ ਮੌਕੇ ਫੈਡਰੇਸ਼ਨ ਮਹਿਤਾ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਜਸਪਾਲ ਸਿੰਘ, ਸੁਖਦੇਵ ਸਿੰਘ ਲਾਡਾ, ਉਡੀਕ ਸਿੰਘ ਕੁੰਢੇ, ਡਾ: ਗੁਰਮੀਤ ਸਿੰਘ, ਮਨਜੀਤ ਸਿੰਘ ਔਲਖ, ਜਰਨੈਲ ਸਿੰਘ ਗਾਬੜੀਆ, ਜਸਬੀਰ ਸਿੰਘ ਤੇਗਾਂ ਸਿੰਘ ਵਾਲਾ, ਹਰਜਿੰਦਰ ਸਿੰਘ ਬੱਗਾ, ਗਗਨਦੀਪ ਸਿੰਘ ਚਾਵਲਾ ਆਦਿ ਪਤਵੰਤੇ ਹਾਜਰ ਸਨ।

# ਸਰਹੱਦੀ ਪਿੰਡ ਗੰਡੀਵਿੰਡ ਵਿਖੇ ਗੁਰਦੁਆਰਾ ਬਾਬਾ ਪੂਰਨ ਦਾਸ ਦੀ ਨਵੀਂ ਕਮੇਟੀ ਚੁਣੀ ਗਈ



**ਸਰਾਏ ਅਮਾਨਤ ਖਾਂ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਸਰਹੱਦੀ ਪਿੰਡ ਗੰਡੀਵਿੰਡ ਵਿਖੇ ਗੁਰਦੁਆਰਾ ਬਾਬਾ ਪੂਰਨ ਦਾਸ ਜੀ ਦੀ ਨਵੀਂ ਕਮੇਟੀ ਬਣਾਈ ਗਈ।ਇਸ ਮੌਕੇ ਨਵੀਂ ਬਣੀ ਕਮੇਟੀ ਦੇ ਕੁਲਦੀਪ ਸਿੰਘ ਫੋਜੀ, ਮੈਂਬਰ ਪਰਮਜੀਤ ਸਿੰਘ ਢਿੱਲੋਂ, ਮੈਂਬਰ ਅਮਨਪ੍ਰੀਤ ਸਿੰਘ ਗੰਡੀਵਿੰਡ, ਮੈਂਬਰ ਗੁਰਿੰਦਰ ਸਿੰਘ ਨੂੰ ਚਾਰਾ ਪੱਤੀਆਂ ਦੇ ਸਹਿਯੋਗ ਨਾਲ ਚੁਣਿਆ ਤੇ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ।ਜੋ ਅੱਜ ਤੋਂ ਗੁਰਦੁਆਰਾ ਬਾਬਾ ਪੂਰਨ ਦਾਸ ਦੀ ਦੇਖਭਾਲ ਕਰਨਗੇ।ਇਸ ਮੌਕੇ ਜਗਬੀਰ ਸਿੰਘ ਬੱਬੂ ਗੰਡੀਵਿੰਡ, ਸਾਬਕਾ ਚੇਅਰਮੈਨ ਰਣਜੀਤ ਸਿੰਘ ਰਾਣਾ ਗੰਡੀਵਿੰਡ, ਸਾਬਕਾ ਪ੍ਰਧਾਨ ਕੁਲਵੰਤ ਸਿੰਘ ਮਾਹਣੋਚਾਹਲੀਆ, ਸਾਬਕਾ ਪ੍ਰਧਾਨ ਗੁਰਿੰਦਰ ਸਿੰਘ, ਠੇਕੇਦਾਰ ਗੁਰਦੇਵ ਸਿੰਘ, ਹਰਪਾਲ ਸਿੰਘ ਗੰਡੀਵਿੰਡ,ਖਜਾਨ ਸਿੰਘ, ਗੁਰਬਿੰਦਰ ਸਿੰਘ ਖੇਤੀਬਾੜੀ ਸਟੋਰ ਵਾਲੇ , ਸਤਨਾਮ ਸਿੰਘ ਭੱਠੇ ਵਾਲੇ, ਗੁਰਜੀਤ ਸਿੰਘ ਗੋਲੂ, ਗੁਰਜੀਤ ਸਿੰਘ ਨੋਨੀ, ਹਰਜਿੰਦਰ ਸਿੰਘ, ਸਾਬਕਾ ਪ੍ਰਧਾਨ ਜਗਰੂਪ ਸਿੰਘ, ਗੁਰਦੁਆਰਾ ਦੇ ਗ੍ਰੰਥੀ ਬਾਬਾ ਹਰਜੀਤ ਸਿੰਘ, ਗੁਰਚਰਨ ਸਿੰਘ, ਗੁਰਸ਼ਰਨ ਸਿੰਘ, ਸੋਨੂੰ ਮਾਹਣੋਚਾਹਲੀਆ, ਨਵਤੇਜ ਸਿੰਘ ਤੇਜੀ, ਗੁਰਪ੍ਰੀਤ ਸਿੰਘ ਕਾਲਾ,ਸਾਹਿਲਦੀਪ ਸਿੰਘ, ਰਣਜੀਤ ਸਿੰਘ ਰਾਣਾ,ਮੁਖਜਿੰਦਰ ਸਿੰਘ , ਹਰਪ੍ਰੀਤ ਸਿੰਘ ਖਾਦ ਵਾਲੇ, ਗੁਰਪ੍ਰੀਤ ਸਿੰਘ ਗੋਪੀ ਕਾਲੂ,ਕਾਕੂ,ਆਦਿ ਪਿੰਡ ਵਾਸੀ ਹਾਜ਼ਰ ਸਨ ।

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net



ਧਨੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
***Raghbir Singh Walsal***
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਢਿੱਲੋਂ, ਜ: ਮਹਿਤਾਬ ਸਿੰਘ ਢਿੱਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

### ਅੰਡਰ ਗਰਾਊਂਡ ਬਿਜਲੀ ਤਾਰਾਂ ਪਾਉਣ ਲਈ

# ਐਮ ਪੀ ਫੰਡ 'ਚੋਂ ਪੈਸੇ ਅਸੀਂ ਪਾਸ ਕਰਵਾਏ ਹਨ : ਸਿਮਰਨਜੀਤ ਸਿੰਘ ਮਾਨ




**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪਿਛਲੇ ਦਿਨੀ ਹੀ ਪਿੰਡ ਲੱਡਾ ਵਿਖੇ ਹੋਏ ਇਕ ਸਮਾਗਮ ਦੌਰਾਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਅੰਡਰ ਗਰਾਊਂਡ ਬਿਜਲੀ ਪਾਉਣ ਦਾ ਜ਼ਿਕਰ ਕੀਤਾ ਗਿਆ ਸੀ। ਜਿਸ ਤੇ ਪ੍ਰਤੀਕਰਮ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਸਾਬਕਾ ਮੈਂਬਰ ਪਾਰਲੀਮੈਂਟ ਨੇ ਸੰਗਰੂਰ ਵਿਖੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਜਦੋਂ ਅਸੀਂ ਮੈਂਬਰ ਪਾਰਲੀਮੈਂਟ ਸੀ ਉਦੋਂ ਅਸੀਂ ਬਰਨਾਲਾ ਲਈ 83 ਕਰੋੜ, ਮਾਲੇਰਕੋਟਲੇ ਲਈ 53 ਕਰੋੜ ਅਤੇ ਸੰਗਰੂਰ ਲਈ 65 ਕਰੋੜ ਰੁਪਏ ਅੰਡਰ ਗਰਾਊਂਡ ਤਾਰਾਂ ਪਾਉਣ ਲਈ ਐਮ ਪੀ ਫੰਡ ਵਿੱਚੋਂ ਜਾਰੀ ਕਰਵਾਏ ਸਨ। ਇਹ ਪੈਸਾ ਐਮ ਪੀ ਫੰਡ ਵਿੱਚੋਂ ਅਲਾਟ ਹੋਇਆ ਹੈ ਨਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਵੱਡੇ ਬੰਦੇ ਹਨ ਉਹ ਕੁਝ ਵੀ ਕਹਿ ਸਕਦੇ ਹਨ। ਉਨ੍ਹਾਂ ਨੇ ਅੰਡਰਗਰਾਊਂਡ ਬਿਜਲੀ ਦੇ ਪਾਸ ਹੋਏ ਪੈਸਿਆਂ ਦੀਆਂ ਕਾਪੀਆਂ ਵੀ ਦਿਖਾਈਆ। ਉਨ੍ਹਾਂ ਕਿਹਾ ਕਿ ਪਿੰਡਾਂ ਸਹਿਰਾਂ ਵਿੱਚ ਅਵਾਰਾ ਗਾਂਵਾਂ ਬਹੁਤ ਜ਼ਿਆਦਾ ਫਿਰਦੀਆਂ ਹਨ, ਸਰਕਾਰਾਂ ਨੂੰ ਅਵਾਰਾ ਗਾਵਾਂ ਦੇ ਲਈ ਢੁਕਵੇਂ ਪ੍ਰਬੰਧ ਕਰਨੇ ਚਾਹੀਦੇ ਹਨ , ਜਦੋਂ ਕਿ ਆਮ ਲੋਕਾਂ ਵੱਲੋਂ ਬਿਜਲੀ ਬਿੱਲਾਂ ਵਿੱਚ ਟੈਕਸ ਵੀ ਦਿੱਤੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਉਹ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਸਾਰੇ ਹੀ ਅਕਾਲੀ ਦਲ ਦੇ ਨਾਲ ਸਮਝੌਤਾ ਕਰ ਕੇ ਚੋਣਾਂ ਲੜਨਗੇ ਅਤੇ ਆਮ ਆਦਮੀ ਪਾਰਟ, ਕਾਂਗਰਸ ਪਾਰਟੀ ਅਤੇ ਭਾਰਤੀ ਜਨਤਾ ਪਾਰਟੀ ਦੇ ਨਾਲ ਸਮਝੌਤਾ ਨਹੀਂ ਕਰਨਗੇ। ਉਨ੍ਹਾਂ ਕਿਹਾ ਕਿ ਅਟਾਰੀ ਵਾਹਗਾ ਬਾਰਡਰ ਖੁੱਲਣ ਦੇ ਨਾਲ ਪੰਜਾਬ ਵਿੱਚ ਰੁਜਗਾਰ ਦੇ ਸਾਧਨ ਪੈਦਾ ਹੋਣਗੇ, ਜਿਨ੍ਹਾਂ ਵਿੱਚ ਆੜਤੀਆਂ, ਵਪਾਰੀਆਂ, ਕਿਸਾਨਾਂ, ਮਜਦੂਰਾਂ ਦੇ ਕੰਮਾਂ ਵਿੱਚ ਵਾਧਾ ਹੋਵੇਗਾ। ਇਸ ਗੁਰਨੈਬ ਸਿੰਘ ਰਾਮਪੁਰਾ ਜ਼ਿਲ੍ਹਾ ਪ੍ਰਧਾਨ ਅਕਾਲੀ ਦਲ ਅੰਮ੍ਰਿਸਰ, ਗੁਰਜੰਟ ਸਿੰਘ ਕੱਟੂ ਹਲਕਾ ਇੰਚਾਰਜ ਮਹਿਲ ਕਲਾਂ, ਬਹਾਦਰ ਸਿੰਘ ਭਸੌੜ ਮੈਂਬਰ ਕੋਰ ਕਮੇਟੀ, ਸਤਿਨਾਮ ਸਿੰਘ ਰੱਤੋਕੇ ਜਿਲ੍ਹਾ ਪ੍ਰਧਾਨ ਯੂਥ ਵਿੰਗ, ਰਵਿੰਦਰ ਸਿੰਘ, ਜਸਵੀਰ ਸਿੰਘ ਸੰਗਰੂਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਬੇਅਦਬੀਆਂ ਸਬੰਧੀ ਕਾਨੂੰਨ ਬਾਰੇ ਸ਼੍ਰੋਮਣੀ ਕਮੇਟੀ ਵੱਲੋਂ

# ਪੰਥਕ ਜਥੇਬੰਦੀਆਂ ਦੀ ਇਕੱਤਰਤਾ 6 ਅਪ੍ਰੈਲ ਨੂੰ ਸਵੇਰ 11 ਵਜੇ



**ਨਵੀਂ ਦਿੱਲੀ, 5 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਦੀ ਰੋਕਥਾਮ ਲਈ ਸਰਕਾਰ ਵੱਲੋਂ ਬਣਾਏ ਜਾ ਰਹੇ ਕਾਨੂੰਨ ਸਬੰਧੀ ਵਿਚਾਰ ਕਰਨ ਵਾਸਤੇ ਭਲਕੇ 6 ਅਪ੍ਰੈਲ ਨੂੰ ਬੁਲਾਈ ਗਈ ਪੰਥਕ ਇਕੱਤਰਤਾ ਵਿਚ ਸਮੂਹ ਜਥੇਬੰਦੀਆਂ ਦੇ ਆਗੂਆਂ ਨੂੰ ਪਹੁੰਚਣ ਦੀ ਅਪੀਲ ਕੀਤੀ ਹੈ। ਇਹ ਇਕੱਤਰਤਾ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਸਵੇਰੇ 11 ਵਜੇ ਆਰੰਭ ਹੋਵੇਗੀ। ਇਸ ਸਬੰਧੀ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਇਹ ਸਮੁੱਚੀ ਕੌਮ ਲਈ ਬੇਹੱਦ ਅਹਿਮ ਤੇ ਸੰਜੀਦਾ ਮਾਮਲਾ ਹੈ, ਜਿਸ ਪ੍ਰਤੀ ਸਮੁੱਚੀਆਂ ਸਿੱਖ ਜਥੇਬੰਦੀਆਂ ਨਾਲ ਵਿਚਾਰ ਕਰਕੇ ਸਾਂਝੀ ਪੰਥਕ ਰਾਇ ਕਾਇਮ ਕਰਨੀ ਜਰੂਰੀ ਹੈ। ਉਨ੍ਹਾਂ ਆਖਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖਾਂ ਦੇ ਜਾਗਤ ਜੋਤਿ ਗੁਰੂ ਹਨ ਜਿਸ ਪ੍ਰਤੀ ਬਣਾਏ ਜਾਣ ਵਾਲੇ ਕਾਨੂੰਨ ਦੇ ਵਿਸਤ੍ਰਿਤ ਪੱਖਾਂ ਉਪਰ ਵਿਆਪਕ ਚਰਚਾ ਹੋਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸੇ ਮਨਸ਼ਾ ਨਾਲ ਸ਼੍ਰੋਮਣੀ ਕਮੇਟੀ ਵੱਲੋਂ ਪੰਥਕ ਬੈਠਕ ਰੱਖੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਇਕੱਤਰਤਾ ਦੇ ਸਬੰਧ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਸਮੂਹ ਸਿੱਖ ਜਥੇਬੰਦੀਆਂ, ਨਿਹੰਗ ਸਿੰਘ ਦਲਾਂ, ਦਮਦਮੀ ਟਕਸਾਲ, ਸਿੱਖ ਸੰਸਥਾਵਾਂ, ਸਿੱਖ ਵਿਦਵਾਨਾਂ, ਸਿੱਖ ਜੱਜਾਂ ਤੇ ਵਕੀਲਾਂ, ਸਿੱਖ ਮਿਸ਼ਨਰੀ ਕਾਲਜਾਂ, ਸਿੰਘ ਸਭਾਵਾਂ, ਸਿੱਖ ਫੈਡਰੇਸ਼ਨਾਂ, ਸਮੂਹ ਸਿੱਖ ਸੰਪਰਦਾਵਾਂ ਦੇ ਮੁਖੀਆਂ, ਨਿਰਮਲੇ, ਉਦਾਸੀ, ਸੇਵਾ ਪੰਥੀ ਤੇ ਕਾਰਸੇਵਾ ਵਾਲੇ ਮਹਾਂਪੁਰਸ਼ਾਂ ਸਮੇਤ ਪ੍ਰਮੁੱਖ ਸਿੱਖ ਜਥੇਬੰਦੀਆਂ ਨੂੰ ਸਦਾ ਪੱਤਰ ਭੇਜੇ ਜਾ ਚੁੱਕੇ ਹਨ।

**ਐਡਵੋਕੇਟ ਧਾਮੀ ਨੇ ਸਿੱਖ ਜਥੇਬੰਦੀਆਂ ਦੇ ਆਗੂਆਂ ਨੂੰ ਇਕੱਤਰਤਾ 'ਚ ਪੁੱਜਣ ਦੀ ਕੀਤੀ ਅਪੀਲ**

ਆਵਾਜ਼ਿ ਕੌਮ AWAZE QAUM International Newspaper & WEB TV

### ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ

# ਸੁਪਰ ਸੈਟਰਡੇ ਦੀ ਧੂਮ ਬੱਚਿਆਂ ਨੇ ਵਿਖਾਇਆ ਟੈਲੈਂਟ




**ਫ਼ਿਰੋਜ਼ਪੁਰ, 05 ਅਪ੍ਰੈਲ (ਮਨੋਹਰ ਲਾਲ)** :— ਮੋਗਾ ਰੋਡ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿੱਚ ਸੁਪਰ ਸੈਟਰਡੇ ਬੜੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਮਹਾਸਚਿਵ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਕਰਵਾਏ ਗਏ ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਇਸ ਮੌਕੇ ਨ੍ਰਿਤਯ, ਫੁੱਟਬਾਲ, ਤਾਇਕਵਾਂਡੋ, ਬੈਡਮਿੰਟਨ, ਸ਼ਤਰੰਜ, ਹੁਲਾ ਹੂਪਸ ਅਤੇ ਕਲਾ ਨਾਲ ਸੰਬੰਧਿਤ ਕਈ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਬੱਚਿਆਂ ਨੇ ਪੂਰੇ ਉਤਸ਼ਾਹ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਨ੍ਹਾਂ ਗਤੀਵਿਧੀਆਂ ਨਾਲ ਬੱਚਿਆਂ ਨੂੰ ਨਵਾਂ ਸਿੱਖਣ ਦਾ ਮੌਕਾ ਮਿਲਿਆ ਅਤੇ ਉਨ੍ਹਾਂ ਦੇ ਵੱਖ—ਵੱਖ ਹੁਨਰਾਂ ਵਿੱਚ ਨਿਖਾਰ ਆਇਆ।

ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਦੇ ਸਰਵਾਂਗੀਣ ਵਿਕਾਸ ਲਈ ਬਹੁਤ ਜ਼ਰੂਰੀ ਹਨ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਸਿਰਫ਼ ਕਿਤਾਬਾਂ ਤੱਕ ਸੀਮਿਤ ਨਾ ਰੱਖ ਕੇ ਉਨ੍ਹਾਂ ਨੂੰ ਐਕਟਿਵਿਟੀ ਬੇਸਡ ਲਰਨਿੰਗ ਦੇ ਮੌਕੇ ਦੇਣੇ ਚਾਹੀਦੇ ਹਨ ਤਾਂ ਜੋ ਉਨ੍ਹਾਂ ਦਾ ਆਤਮਵਿਸ਼ਵਾਸ ਵਧੇ ਅਤੇ ਉਹ ਹਰ ਖੇਤਰ ਵਿੱਚ ਅੱਗੇ ਵਧ ਸਕਣ। ਉਨ੍ਹਾਂ ਕਿਹਾ ਕਿ ਸਕੂਲ ਹਰ ਬੱਚੇ ਨੂੰ ਆਪਣੀ ਟੈਲੈਂਟ ਵਿਖਾਉਣ ਲਈ ਵਧੀਆ ਮੰਚ ਦੇਣ ਲਈ ਵਚਨਬੱਧ ਹੈ। ਪ੍ਰੋਗਰਾਮ ਦੌਰਾਨ ਬੱਚਿਆਂ ਨੇ ਖੂਬ ਮਸਤੀ ਕੀਤੀ ਅਤੇ ਹਰ ਗਤੀਵਿਧੀ ਵਿੱਚ ਪੂਰੇ ਜੋਸ਼ ਨਾਲ ਹਿੱਸਾ ਲਿਆ, ਜਿਸ ਨਾਲ ਸਕੂਲ ਦਾ ਮਾਹੌਲ ਖੁਸ਼ੀ ਅਤੇ ਉਤਸ਼ਾਹ ਨਾਲ ਭਰ ਗਿਆ। ਪ੍ਰਿੰਸੀਪਲ ਰੇਖਾ ਪਾਸੀ ਨੇ ਕਿਹਾ ਕਿ ਪੜ੍ਹਾਈ ਦੇ ਨਾਲ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਬੱਚਿਆਂ ਨੂੰ ਮਾਨਸਿਕ ਤੌਰ 'ਤੇ ਤਾਜ਼ਾ ਰੱਖਦੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਮਾਜ ਸੇਵੀ ਵਿਜੈ ਗੋਇਲ ਨੇ ਕੀਤਾ ਭਗਵਾਨ ਸ੍ਰੀ ਪਰਸ਼ਰਾਮ ਜੀ ਦਾ ਕੈਲੰਡਰ ਜਾਰੀ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼੍ਰੀ ਬ੍ਰਾਹਮਣ ਸਭਾ ਧੂਰੀ ਵਲੋ ਭਗਵਾਨ ਸ਼੍ਰੀ ਪਰਸ਼ੂਰਾਮ ਜੀ ਦਾ2026-27 ਦਾ ਕੈਲੰਡਰ ਸ਼੍ਰੀ ਵਿਜੈ ਗੋਇਲ ਰਾਈਸੀਲਾ ਗਰੁੱਪ ਦੇ ਐਮ ਡੀ ਸਾਹਿਬ ਵਲੋ ਉਨ੍ਹਾਂ ਦੇ ਕਰ ਕਮਲਾ ਨਾਲ ਉਨਾਂ ਦੇ ਹੱਥੋ ਰਿਲੀਜ਼ ਕਰਵਾਇਆ ਗਿਆ ਅਤੇ ਗੋਇਲ ਸਾਹਿਬ ਨੇ ਸਾਰੇ ਬ੍ਰਾਹਮਣ ਸਮਾਜ ਅਤੇ ਬ੍ਰਾਹਮਣ ਸਭਾ ਧੂਰੀ ਨੂੰ ਵਧਾਈ ਦਿੱਤੀ ਅਤੇ ਸਭਾ ਦੇ ਹਾਜ਼ਰੀਨ ਮੈਂਬਰ ਅਹੁਦੇਦਾਰ ਸ਼੍ਰੀ ਤਰਸੇਮ ਸ਼ਰਮਾ ਚੇਅਰਮੈਨ , ਪ੍ਰਧਾਂਨ ਸ਼੍ਰੀ ਕ੍ਰਿਸ਼ਨ ਕੌਸ਼ਲ ,ਕਾਰਜਕਾਰੀ ਪ੍ਰਧਾਨ ਮਨਮੋਹਨ ਸ਼ਰਮਾ ,ਜਰਨਲ ਸਕੱਤਰ ਪੁਸ਼ਿਪੰਦਰ ਅੱਤਰੀ, ਸੀਨੀਅਰ ਵਾਈਸ ਚੇਅਰਮੈਨ ਦੀਵਿੰਦਰ ਅੱਤਰੀ,ਖਜਾਨਚੀ ਪ੍ਰੇਮ ਨਾਥ ਸ਼ਰਮਾ , ਇਨਾ ਦੀ ਹਾਜਰੀ ਵਿੱਚ ਰਿਲੀਜ਼ ਕੀਤਾ ਸਾਰੇ ਸਭਾ ਦੇ ਅਹੁਦੇਦਾਰਾਂ ਨੇ ਗੋਇਲ ਸਾਹਿਬ ਜੀ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਵਰਲਡ ਸਿੱਖ ਚੈਂਬਰ ਆਫ ਕਮਰਸ' ਦੇ ਚੇਅਰਮੈਨ ਸ੍: ਰਜਿੰਦਰ ਸਿੰਘ ਮਰਵਾਹਾ ਅਤੇ ਡਾ.ਅਮਰਜੀਤ ਸਿੰਘ ਵਲੋਂ ਮਿਸ਼ਨ ਦੀਪ ਚੈਰੀਟੇਬਲ ਐਜੂਕੇਸ਼ਨ ਟਰਸਟ ਨੂੰ 5 ਕੰਪਿਊਟਰ, ਏ ਸੀ ਅਤੇ ਪੰਜ ਪੱਖੇ ਕੀਤੇ ਭੇਟਾ



**ਚੌਕ ਮਹਿਤਾ, 5 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਵਰਲਡ ਸਿੱਖ ਚੈਂਬਰ ਆਫ ਕਮਰਸ ਦੇ ਡਾਇਰੈਕਟਰ ਡਾ.ਅਮਰਜੀਤ ਸਿੰਘ ਦੀ ਬੇਟੀ ਰਹਸ ਮਿਹਰ ਕੌਰ ਸਚਦੇਵਾ ਦੀ ਮਿੱਠੀ ਯਾਦ ਨੂੰ ਸਮਰਪਿਤ ਸਮੂਹ ਪਰਿਵਾਰ ਵੱਲੋਂ ਮਿਸ਼ਨ ਦੀਪ ਚੈਰੀਟੇਬਲ ਐਜੂਕੇਸ਼ਨ ਟਰਸਟ ਨੂੰ ਭੇਟਾਂ ਕੀਤੇ 5 ਕੰਪਿਊਟਰ। ਡਾਕਟਰ ਅਮਰਜੀਤ ਸਿੰਘ ਦੀ ਬੇਟੀ ਰਹਸ ਮਿਹਰ ਕੌਰ ਦੀ ਯਾਦ ਵਿੱਚ ਦੀਪ ਮਿਸ਼ਨ ਚੈਰੀਟੇਬਲ ਐਜੂਕੇਸ਼ਨ ਟਰਸਟ ਨੂੰ ਪਹਿਲਾ ਵੀ ਬੱਚਿਆਂ ਦੀ ਐਜੂਕੇਸ਼ਨ ਵਾਸਤੇ ਦਰਜਨਾਂ ਦੀ ਗਿਣਤੀ ਵਿੱਚ ਕੰਪਿਊਟਰ ਭੇਟ ਕੀਤੇ ਗਏ ਸਨ। ਪਿਛਲੇ ਲੰਬੇ ਸਮੇਂ ਤੋਂ ਬੇਟੀ ਦੇ ਨਾਮ ਤੇ ਕੰਪਿਊਟਰ ਲੈਬ ਚਲਦੀ ਆ ਰਹੀ ਹੈ ਅਤੇ 5 ਕੰਪਿਊਟਰ ਦੇ ਕੇ ਵਾਧਾ ਕੀਤਾ ਗਿਆ ਅਤੇ ਬੇਟੀ ਦੀ ਮਿੱਠੀ ਯਾਦ ਨੂੰ ਸਮਰਪਿਤ ਬੱਚਿਆਂ ਦੀ ਕੰਪਿਊਟਰ ਐਜੂਕੇਸ਼ਨ ਵਿੱਚ ਵਾਧਾ ਕੀਤਾ ਗਿਆ ਹੈ ਉੱਥੇ ਹੀ ਭਾਈ ਮਨੀ ਸਿੰਘ ਜੀ ਟਕਸਾਲ ਵੱਲੋਂ ਬਾਬਾ ਅਮਨਦੀਪ ਸਿੰਘ ਜੀ ਡੇਰਾ ਸੱਤੋਵਾਲੀ ਗਲੀ, ਕਟਰਾ ਕਰਮ ਸਿੰਘ ਵੱਲੋਂ ਵੀ ਅਹਿਮ ਯੋਗਦਾਨ ਪਾਉਂਦਿਆਂ ਡੇਢ ਟਨ ਦਾ ਏ ਸੀ ਅਤੇ ਪੰਜ ਪੱਖੇ ਦੀ ਸੇਵਾ ਕੀਤੀ। ਪਿਛਲੇ ਲੰਬੇ ਸਮੇਂ ਤੋਂ ਮਿਸ਼ਨ ਪੜ੍ਹਾਈ ਸੇਵਾ, ਕਮਾਈ ਸੇਵਾ ਅਤੇ ਦਵਾਈ ਸੇਵਾ ਅਤੇ ਹੋਰ ਅਨੇਕਾਂ ਸੇਵਾਵਾਂ 'ਵਰਲਡ ਸਿੱਖ ਚੈਂਬਰ ਆਫ ਕਮਰਸ' ਨਿਭਾ ਰਿਹਾ ਹੈ। ਕੁਝ ਮਹੀਨੇ ਪਹਿਲਾਂ ਹੜ ਪੀੜਤਾਂ ਵਾਸਤੇ ਵੱਡੇ ਕੈਂਪ ਦਵਾਈਆਂ ਦੇ ਲਗਾਏ ਸਨ ਹੁਣ ਵਰਡ ਸਿੱਖ ਚੈਂਬਰ ਆਫ ਕਮਰਸ ਨੇ ਨਵੇਂ ਸਾਲ ਤੋਂ ਇਹ ਫੈਸਲਾ ਕੀਤਾ ਸੀ ਕਿ ਹੁਣ ਅੱਖਾਂ ਦੇ ਆਪਰੇਸ਼ਨ ਦਾ ਲੰਗਰ ਲਗਾਇਆ ਜਾਵੇ। ਬਾਬਾ ਅਮਨਦੀਪ ਸਿੰਘ ਜੀ ਦੇ ਸਹਿਯੋਗ ਨਾਲ ਹਰ ਮਹੀਨੇ ਅੱਖਾਂ ਦੇ ਫਰੀ ਆਪਰੇਸ਼ ਲੈਂਜ ਪਾ ਕੇ ਕੀਤੇ ਜਾਂਦੇ ਹਨ। ਜਿਸ ਨੂੰ ਸਰਜਨ ਡਾਕਟਰ ਸ਼ੌਕੀਨ ਸਿੰਘ ਜੀ ਕੋਟ ਰੋਡ ਵਾਲੇ ਫ੍ਰੀ ਸੇਵਾ ਕਰਦੇ ਹਨ। ਸੋ ਅੱਜ ਵਰਲਡ ਸਿੱਖ ਚੈਂਬਰ ਆਫ ਕਮਰਸ ਦੀ ਪੂਰੀ ਟੀਮ ਦਾ ਮਿਸ਼ਨ ਦੀਪ ਐਜੂਕੇਸ਼ਨਲ ਟਰਸਟ ਦੇ ਫਾਂਊਡਰ ਸਰਦਾਰ ਕਮਲਪ੍ਰੀਤ ਸਿੰਘ ਅਤੇ ਸਰਦਾਰਨੀ ਪ੍ਰੀਤੀ ਕੌਰ ਵੱਲੋਂ ਵਰਲਡ ਸਿੱਖ ਚੈਮਰ ਆਫ ਕਮਰਸ ਦੀ ਸਮੁੱਚੀ ਟੀਮ ਦਾ ਕੀਤਾ ਗਿਆ ਧੰਨਵਾਦ ।ਇਸ ਮੌਕੇ ਚੇਅਰਮੈਨ ਰਜਿੰਦਰ ਸਿੰਘ ਮਰਵਾਹਾ , ਡਾ ਅਮਰਜੀਤ ਸਿੰਘ ਨਾਰੰਗ, ਚਾਰਟਰ ਅਕਾਊਂਟੈਂਟ ਜਤਿੰਦਰ ਪਾਲ ਸਿੰਘ ਬੋਬੀ ਬਾਦਸ਼ਾਹ, ਰੁਪਿੰਦਰ ਕਟਾਰੀਆ, ਡਾਕਟਰ ਸਚਦੇਵਾ, ਹਰਪਾਲ ਸਿੰਘ ਜੀ ਵਾਲੀਆ, ਜੱਜ ਵੀਰ ਸਿੰਘ ਜੀ ਆਹਲੂਵਾਲੀਆ, ਮਨਦੀਪ ਸਿੰਘ ਜੀ, ਸੁਖਵਿੰਦਰ ਸਿੰਘ ਜੀ, ਰਾਜਨ ਕਪੂਰ, ਅੰਮ੍ਰਿਤਾ ਕੌਰ ,ਗੁਰਸੀਮਾਂਪ੍ਰੀਤ ਕੌਰ ਇਸ ਮੈਂਬਰ ਨਵਨੀਤ ਕੌਰ ,ਤੇਜ ਬਰਸ ਐਡਵੋਕੇਟ ਅਤੇ ਹੋਰ ਨਾਮਵਰ ਸ਼ਖਸੀਅਤਾਂ ਹਾਜਰ ਸਨ ।

ਆਵਾਜ਼ਿ ਕੌਮ AWAZE QAUM International Newspaper & WEB TV

## ਰੂਹਾਂ

ਤੇਰੀ ਰੂਹ ਮੇਰੀ ਰੂਹ ਨਾਲੋਂ ਵੱਖ ਹੋਈ,
ਤੇਰੇ ਬਾਝੋਂ ਹਰ ਪਲ ਮੇਰੀ ਅੱਖ ਰੋਈ।

ਚੁੱਪ ਹੋ ਗਈਆਂ ਹੱਸਣ ਵਾਲੀਆਂ ਗੱਲਾਂ
ਦਿਲ ਦੀ ਹਰ ਧੜਕਣ ਚ ਖਾਮੋਸ਼ੀ ਹੋਈ।

ਤੇਰੇ ਨਾਲ ਜੋ ਸਪਨੇ ਸਜੇ ਸਨ ਕਦੇ,
ਉਹੀ ਅੱਜ ਯਾਦਾਂ ਬਣ ਕੇ ਰਾਤਾਂ ਰੋਈ।

ਚੰਨ ਵੀ ਸੁੰਨਾ ਲੱਗੇ ਤੇ ਤਾਰੇ ਵੀ ਥੱਕੇ,
ਜਦੋਂ ਤੇਰੀ ਕਮੀ ਨੇ ਅੰਦਰੋਂ ਖੋਈ।

ਸਾਹ ਲੈਂਦਾ ਹਾਂ ਪਰ ਜੀਉਂਦਾ ਨਹੀਂ ਲੱਗਦਾ,
ਤੇਰੇ ਬਿਨ੍ਹਾਂ ਜਿੰਦ ਮੇਰੀ ਅਧੂਰੀ ਹੋਈ।

ਕਦੇ ਮੁੜ ਆ ਜਾ ਸਫਰੀ ਮੇਰੇ ਕੋਲ,
ਇਹ ਉਮੀਦ ਅਜੇ ਵੀ ਦਿਲ ਵਿੱਚ ਸੋਈ।
ਪੰਜਾਬੀ ਸਾਹਿਤ ਸਭਾ ਸਠਿਆਲਾ

**-ਸੰਚਾਲਕ ਜਗੀਰ ਸਿੰਘ ਸਫਰੀ**
**ਮੋਬਾ : 8146004540**

ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਅਤੇ

# ਵਿਸਾਖੀ ਪੁਰਬ ਨੂੰ ਸਮਰਪਿਤ ਕਰਵਾਏ ਗਏ ਨਾਮ ਰਸ ਕੀਰਤਨ ਸਮਾਗਮ



**ਨਵੀਂ ਦਿੱਲੀ 5 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:-ਪੱਛਮੀ ਦਿੱਲੀ ਦੇ ਫਤਹਿ ਨਗਰ ਦੇ ਗੁਰਦੁਆਰਾ ਸ਼੍ਰੀ ਗੁਰੂ ਸਿੰਘ ਸਭਾ ਏ ਬਲਾਕ ਵਿਖ਼ੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਅਤੇ ਖਾਲਸਾ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਨਾਮ ਰਸ ਕੀਰਤਨ ਕਰਵਾਏ ਗਏ। ਇਸ ਮੌਕੇ ਇਸਤਰੀ ਸਤਸੰਗ ਵਲੋਂ ਸਮਾਗਮ ਦੀ ਆਰੰਭਤਾ ਸੁਖਮਨੀ ਸਾਹਿਬ ਜੀ ਦੇ ਪਾਠ ਨਾਲ ਕੀਤੀ ਗਈ ਉਪਰੰਤ ਬਾਲ ਕਿਆਰੀ ਜੱਥਾ, ਸ਼ਬਦ ਚੌਕੀ ਜੱਥਾ, ਭਾਈ ਗੁਰਮਨਪ੍ਰੀਤ ਸਿੰਘ, ਭਾਈ ਰਾਇ ਸਿੰਘ, ਭਾਈ ਮਨਿੰਦਰ ਸਿੰਘ, ਭਾਈ ਸੰਦੀਪ ਸਿੰਘ, ਭਾਈ ਅਮਨਦੀਪ ਸਿੰਘ ਹਜੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅਤੇ ਪ੍ਰਿੰਸੀਪਲ ਸੁਖਵੰਤ ਸਿੰਘ ਨੇ ਹਾਜ਼ਿਰੀ ਭਰ ਕੇ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਿਆ ਸੀ। ਇਸ ਮੌਕੇ ਬੱਚਿਆਂ ਲਈ ਵਿਸ਼ੇਸ਼ ਚਿੱਤਰਕਲਾ ਅਤੇ ਕਲਰ ਭਰਣ ਲਈ ਕੈਂਪ ਲਗਾਇਆ ਗਿਆ ਸੀ ਜਿਸ ਵਿਚ ਸੈਕੜੇ ਬੱਚਿਆਂ ਨੇ ਹਾਜ਼ਿਰੀ ਭਰ ਕੇ ਆਪਣੇ ਹੁਨਰ ਦਾ ਪ੍ਰਦਰਸ਼ਨ ਕੀਤਾ ਗਿਆ ਸੀ। ਇਸ ਮੌਕੇ ਦੇਹਰਾਦੂਨ ਤੋਂ ਆਏ ਕਾਕਾ ਪਰਮਪ੍ਰੀਤ ਸਿੰਘ ਵਲੋਂ ਵਡੀ ਮਿਹਨਤ ਨਾਲ ਤਿਆਰ ਕੀਤੀ ਗਈ ਵੈਬਸਾਈਟ ਗੁਰਮਤਿ ਦਰਬਾਰ ਜਿਸ ਵਿਚ ਰਾਗੀ ਸਿੰਘਾਂ ਦੇ ਹੋਣ ਵਾਲੇ ਪ੍ਰੋਗਰਾਮ ਦਾ ਵੇਰਵਾ ਦੇਖਣ ਨੂੰ ਮਿਲ ਰਿਹਾ ਹੈ, ਨੂੰ ਲਾਂਚ ਕਰਦਿਆਂ ਭਾਈ ਮਨਿੰਦਰ ਸਿੰਘ ਹਜੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਨੇ ਭਰਪੂਰ ਸਲਾਘਾ ਕੀਤੀ। ਇਸ ਮੌਕੇ ਸੰਗਤਾਂ ਲਈ ਇਕ ਫ੍ਰੀ ਮੈਡੀਕਲ ਚੈਕਅਪ ਕੈਂਪ ਵੀ ਲਗਾਇਆ ਗਿਆ ਸੀ। ਇਥੇ ਦਸਣਯੋਗ ਹੈ ਕਿ ਇਹ ਉਪਰਾਲਾ ਫਤਹਿ ਨਗਰ ਦੀ ਸੰਗਤਾਂ ਨੇ ਗੁਰੂਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਕਰਵਾਇਆ ਗਿਆ ਸੀ ਜਿਸ ਦਾ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਸਰਦਾਰ ਮਨਜੀਤ ਸਿੰਘ ਅਤੇ ਸਕੱਤਰ ਸਰਦਾਰ ਅਮਰਜੀਤ ਸਿੰਘ ਪੱਪੂ ਮੈਂਬਰ ਦਿੱਲੀ ਗੁਰਦੁਆਰਾ ਕਮੇਟੀ ਵਲੋਂ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਗਿਆ।

**ਪੰਥ ਪ੍ਰਸਿੱਧ ਰਾਗੀ ਕੀਰਤਨੀ ਜਥੇਆਂ ਦੇ ਕੀਰਤਨ ਸਮਾਗਮ ਦੇਖਣ ਲਈ ਗੁਰਮਤਿ ਦਰਬਾਰ ਵੈਬਸਾਈਟ ਕੀਤੀ ਗਈ ਲਾਂਚ**

ਆਵਾਜ਼ਿ ਕੌਮ AWAZE QAUM International Newspaper & WEB TV

ਪਿੰਡ ਬਾਘਾ ਤੋਂ 35 ਪਰਿਵਾਰ ਅਤੇ ਪਿੰਡ ਕਮਾਲੂ ਤੋਂ ਕਈ ਪਰਿਵਾਰ

# ਆਪ ਤੇ ਕਾਂਗਰਸ ਪਾਰਟੀ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ 'ਚ ਹੋਏ ਸ਼ਾਮਲ



**ਤਲਵੰਡੀ ਸਾਬੋ, 5 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**-ਸ਼੍ਰੋਮਣੀ ਅਕਾਲੀ ਦਲ ਬਾਦਲ ਨੂੰ ਹਲਕਾ ਤਲਵੰਡੀ ਸਾਬੋ ਵਿੱਚ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ ਜਦੋਂ ਪਿੰਡ ਬਾਘਾ ਤੋਂ ਕਰੀਬ 35 ਪਰਿਵਾਰ ਅਤੇ ਪਿੰਡ ਕਮਾਲੂ ਤੋਂ ਵੀ ਕਈ ਪਰਿਵਾਰਾਂ ਨੇ ਆਮ ਆਦਮੀ ਪਾਰਟੀ ਅਤੇ ਕਾਂਗਰਸ ਪਾਰਟੀ ਨੂੰ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਹ ਸ਼ਾਮਿਲ ਹੋਣ ਦੀ ਪ੍ਰਕਿਰਿਆ ਹਲਕਾ ਇੰਚਾਰਜ ਸ੍ਰ.ਰਵੀਪ੍ਰੀਤ ਸਿੰਘ ਸਿੱਧੂ ਦੀ ਮਿਹਨਤ ਅਤੇ ਅਗਵਾਈ ਹੇਠ ਹੋਈ। ਇਸ ਮੌਕੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਸ੍ਰ. ਸਿੱਧੂ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਪਾਰਟੀ ਵਿੱਚ ਪੂਰਾ ਮਾਣ-ਸਨਮਾਨ ਦੇਣ ਦਾ ਭਰੋਸਾ ਦਿਵਾਇਆ ਗਿਆ। ਸ੍ਰ. ਰਵੀਪ੍ਰੀਤ ਸਿੰਘ ਸਿੱਧੂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੀ ਨੀਤੀ ਅਤੇ ਲੋਕ-ਹਿਤੈਸ਼ੀ ਸੋਚ ਤੋਂ ਪ੍ਰਭਾਵਿਤ ਹੋ ਕੇ ਲੋਕ ਵੱਡੀ ਗਿਣਤੀ ਵਿੱਚ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਹਲਕੇ ਵਿੱਚ ਪਾਰਟੀ ਹੋਰ ਵੀ ਮਜ਼ਬੂਤ ਹੋਵੇਗੀ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ। ਅਕਾਲੀ ਦਲ ਬਾਦਲ ਵਿੱਚ ਸ਼ਾਮਿਲ ਹੋਣ ਵਾਲਿਆਂ ਨੇ ਵਿਸ਼ਵਾਸ ਦਵਾਇਆ ਕਿ ਉਹ ਪਾਰਟੀ ਦੀਆਂ ਨੀਤੀਆਂ ਤੇ ਅਗਵਾਈ ਨਾਲ ਡੱਟ ਕੇ ਖੜੇ ਰਹਿਣਗੇ ਅਤੇ ਪਾਰਟੀ ਨੂੰ ਮਜ਼ਬੂਤ ਕਰਨ ਲਈ ਤਨ-ਮਨ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਉਹ ਲੋਕਾਂ ਦੇ ਹੱਕਾਂ ਦੀ ਲੜਾਈ ਲੜਨ ਅਤੇ ਹਲਕੇ ਦੇ ਵਿਕਾਸ ਲਈ ਅਕਾਲੀ ਦਲ ਦੇ ਨਾਲ ਮਿਲ ਕੇ ਹਰ ਸੰਭਵ ਯਤਨ ਕਰਨਗੇ। ਇਸ ਮੌਕੇ ਹੋਰ ਪਾਰਟੀ ਆਗੂ ਅਤੇ ਵਰਕਰ ਵੀ ਮੌਜੂਦ ਸਨ, ਜਿਨ੍ਹਾਂ ਨੇ ਨਵੇਂ ਸ਼ਾਮਲ ਹੋਏ ਪਰਿਵਾਰਾਂ ਦਾ ਸਵਾਗਤ ਕਰਦੇ ਹੋਏ ਕਿਹਾ ਕਿ ਲੋਕਾਂ ਦਾ ਵਧਦਾ ਭਰੋਸਾ ਦਰਸਾਉਂਦਾ ਹੈ ਕਿ ਹਲਕਾ ਤਲਵੰਡੀ ਸਾਬੋ ਵਿੱਚ ਸ਼੍ਰੋਮਣੀ ਅਕਾਲੀ ਦਲ ਦੀ ਪਕੜ ਦਿਨੋਂ-ਦਿਨ ਮਜ਼ਬੂਤ ਹੋ ਰਹੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**ਪਿੰਡ ਬਾਘਾ ਤੋਂ 35 ਪਰਿਵਾਰ ਅਤੇ ਪਿੰਡ ਕਮਾਲੂ ਤੋਂ ਕਈ ਪਰਿਵਾਰ ਆਪ ਤੇ ਕਾਂਗਰਸ ਪਾਰਟੀ ਨੂੰ ਛੱਡ ਕੇ ਸ੍ਰੋਮਣੀ ਅਕਾਲੀ ਦਲ 'ਚ ਹੋਏ ਸ਼ਾਮਲ**

## ਅੰਮ੍ਰਿਤਸਰ 'ਚ ਸ਼ਰੇਆਮ ਗੁੰਡਾਗਰਦੀ ਦਾ ਨੰਗਾ ਨਾਚ: ਮੈਡੀਕਲ ਸਟੋਰ ਵਾਲੇ ਨੂੰ ਨਸ਼ਾ ਵੇਚਣ ਤੋਂ ਰੋਕਣਾ ਪਿਆ ਮਹਿੰਗਾ, ਬੇਸਬਾਲਾ ਨਾਲ ਹੋਇਆ ਹਮਲਾ

## ਇਨਸਾਫ਼ ਨਾ ਮਿਲਣ 'ਤੇ ਮੁੱਖ ਮੰਤਰੀ ਪੰਜਾਬ ਤੇ ਕਮਿਸ਼ਨਰ ਪੁਲੀਸ ਕੋਲ ਕਰਾਂਗਾ ਸ਼ਿਕਾਇਤ - ਸੇਠੀ



**ਚੌਕ ਮਹਿਤਾ,5 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰੂ ਨਗਰੀ ਅੰਮ੍ਰਿਤਸਰ ਵਿੱਚ ਗੁੰਡਾਗਰਦੀ ਸ਼ਰੇਆਮ ਦੇਖੀ ਜਾ ਰਹੀ ਹੈ। ਅੰਮ੍ਰਿਤਸਰ ਦੇ ਅੰਤਰਯਾਮੀ ਕਲੋਨੀ ਦੇ ਕਾਰੋਬਾਰੀ ਅਤੇ ਸਮਾਜ ਸੇਵੀ ਸੁਰਿੰਦਰ ਸਿੰਘ ਸੇਠੀ ਨੇ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਬੀਤੇ ਦਿਨੀ ਉਨ੍ਹਾਂ ਦੇ ਨਜ਼ਦੀਕ ਗਾਂਧੀ ਮੈਡੀਕਲ ਸਟੋਰ ਦੇ ਮਾਲਕ ਕੁਲਦੀਪ ਸਿੰਘ ਹੈਪੀ ਨੇ ਆਪਣੇ ਕੁਝ ਸਾਥੀਆਂ ਜਸਪ੍ਰੀਤ ਸਿੰਘ ਪ੍ਰਿੰਸ (ਟੋਪੀ), ਰਿੰਕੂ, ਗੁਰਬਖਸ਼ ਸਿੰਘ ਤੇ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਮੇਰੇ ਤੇ ਮੇਰੇ ਪ੍ਰੀਵਾਰ ' ਤੇ ਹਮਲਾ ਕਰਕੇ ਗੰਭੀਰ ਰੂਪ 'ਚ ਜ਼ਖਮੀ ਕਰ ਦਿੱਤਾ। ਇਸ ਹਮਲੇ ਦਾ ਕਾਰਨ ਉਨ੍ਹਾਂ ਨੇ ਨਸ਼ਾ ਵੇਚਨ ਤੋਂ ਰੋਕਣ ਨੂੰ ਦੱਸਿਆ, ਉਨ੍ਹਾਂ ਕਿਹਾ ਕਿ ਉਕਤ ਮੈਡੀਕਲ ਸਟੋਰ ਦੇ ਮਾਲਕ ਉਪਰ ਪਹਿਲਾਂ ਵੀ ਨਸ਼ੇ ਦੀਆਂ ਗੋਲੀਆਂ ਕੈਪਸੂਲ ਵੇਚਨ ਦਾ ਮੁਕੱਦਮਾ ਦਰਜ ਹੈ। ਉਸਨੇ ਕਿਹਾ ਕਿ ਕੁਲਦੀਪ ਸਿੰਘ ਹੈਪੀ ਨੇ ਮੇਰੇ ਤੇ ਮੇਰੇ ਬੇਟੇ ਜਸਪ੍ਰੀਤ ਸਿੰਘ 'ਤੇ ਬੇਸ ਬਾਲ ਨਾਲ ਹਮਲਾ ਕਰ ਦਿੱਤਾ ਜਿਸ ਨਾਲ ਮੇਰੇ ਬੇਟੇ ਜਸਪ੍ਰੀਤ ਸਿੰਘ ਦੇ ਸਿਰ 'ਚ ਤੇ ਸਰੀਰ ਦੇ ਕਈ ਹੋਰ ਹਿੱਸਿਆਂ 'ਚ ਗੰਬੀਰ ਸੱਟਾਂ ਲੱਗੀਆਂ। ਸੇਠੀ ਨੇ ਕਿਹਾ ਕਿ ਉਨ੍ਹਾਂ ਅਨਸਰਾਂ ਚੋਂ ਮੇਰੇ ਬੇਟੇ ਦਾ ਨਾ ਸਿਰਨਾਵਾਂ ਜਸਪ੍ਰੀਤ ਸਿੰਘ ਪ੍ਰਿੰਸ (ਟੋਪੀ) ਨੇ ਮੇਰੇ ਬੇਟੇ ਦੇ ਸਿਰ 'ਚ ਕਿਸੇ ਤਿੱਖੀ ਚੀਜ਼ ਨਾਲ ਹਮਲਾ ਕਰਕੇ ਉਸਦਾ ਸਿਰ ਪਾੜ ਦਿੱਤਾ ਤੇ ਰਿੰਕੂ ਮੇਰੀ ਧਰਮ ਪਤਨੀ ਕਵਲਜੀਤ ਕੌਰ ਨੂੰ ਵਾਲਾਂ ਤੋਂ ਫੜ੍ਹ ਕੇ ਦੁਕਾਨ ਦੇ ਬਾਹਰ ਲੈ ਗਿਆ ਤੇ ਉਸਦੀ ਛਾਤੀ 'ਤੇ ਕਿਸੇ ਤਿੱਖੀ ਚੀਜ਼ ਨਾਲ ਹਮਲਾ ਕੀਤਾ ਤੇ ਉਸਦਾ ਇਕ ਦੰਦ ਵੀ ਤੋੜ ਦਿੱਤਾ ਤੇ ਕੱਪੜੇ ਪਾੜ ਦਿੱਤੇ। ਇਨ੍ਹਾਂ ਨਾਲ ਆਏ ਗੁਰਬਖਸ਼ ਸਿੰਘ ਤੇ ਕੁਲਦੀਪ ਸਿੰਘ ਹੈਪੀ ਦੇ ਪਿਤਾ ਨੇ ਗਾਲੀ ਗਲੋਚ ਕੀਤਾ। ਸੇਠੀ ਨੇ ਕਿਹਾ ਕਿ ਇਸ ਸਭ ਦੇ ਸਬੂਤ ਮੇਰੇ ਪਾਸ ਐਚ ਡੀ ਕੈਮਰੇ 'ਚ ਮੌਜੂਦ ਨੇ ਜੋ ਮੈਂ ਮੌਕੇ ਤੇ ਥਾਣਾ ਬੀ ਡਵੀਜ਼ਨ ਦੇ ਐਸ ਐਚ ਓ ਸਾਹਿਬ ਨੂੰ ਵੀ ਪੇਸ਼ ਕਰ ਚੁੱਕਾ ਹਾਂ। ਸੇਠੀ ਨੇ ਦੋਸ਼ ਲਾਉਂਦਿਆਂ ਕਿਹਾ ਕਿ ਮੈਂ ਇਕ ਸਮਾਜ ਸੇਵਕ ਹਾਂ ਤੇ ਕੁਲਦੀਪ ਸਿੰਘ ਹੈਪੀ ਆਪਣੀ ਮੈਡੀਕਲ ਦੀ ਦੁਕਾਨ 'ਤੇ ਨਸ਼ੇ ਦੇ ਕੈਪਸੂਲ ਵੇਚਦਾ ਹੈ ਤੇ ਨੌਜਵਾਨਾਂ ਦੀ ਜ਼ਿੰਦਗੀ ਬਰਬਾਦ ਕਰ ਰਿਹਾ ਹੈ ਉਸਨੇ ਕਿਹਾ ਕਿ ਮੈਂ ਅਕਸਰ ਕੁਲਦੀਪ ਸਿੰਘ ਹੈਪੀ ਨੂੰ ਨਸ਼ਾ ਵੇਚਣ ਤੋਂ ਰੋਕਦਾ ਰਹਿੰਦਾ ਹਾਂ ਤੇ ਉਸਨੇ ਇਸੇ ਰੰਜਿਸ਼ ਤਹਿਤ ਮੇਰੇ ਤੇ ਮੇਰੇ ਪ੍ਰੀਵਾਰ 'ਤੇ ਉਸਨੇ ਹਮਲਾ ਕਰ ਦਿੱਤਾ।

**ਇਨਸਾਫ਼ ਨਾ ਮਿਲਣ 'ਤੇ ਮੁੱਖ ਮੰਤਰੀ ਪੰਜਾਬ ਤੇ ਕਮਿਸ਼ਨਰ ਪੁਲੀਸ ਪਾਸ ਕਰਾਂਗਾ ਦਰਦ ਬਿਆਨ** : ਸੁਰਿੰਦਰ ਸਿੰਘ ਸੇਠੀ ਨੇ ਕਿਹਾ ਕਿ ਥਾਣਾ ਬੀ-ਡਵੀਜ਼ਨ ਵਿਖੇ ਮੈਨੂੰ ਹਾਲੇ ਤੱਕ ਕੋਈ ਇਨਸਾਫ਼ ਨਹੀਂ ਮਿਲਿਆ ਇਸ ਲਈ ਮੈਂ ਇਕ ਪੱਤਰ ਮਾਣਯੋਗ ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਜੀ ਮਾਨ ਨੂੰ ਲਿਖ ਰਿਹਾ ਹਾਂ ਤੇ ਦੂਸਰਾ ਬੇਨਤੀ ਪੱਤਰ ਮਾਣਯੋਗ ਪੁਲੀਸ ਕਮਿਸ਼ਰ ਸ: ਗੁਰਪ੍ਰੀਤ ਸਿੰਘ ਜੀ ਭੁੱਲਰ ਨੂੰ ਲਿਖ ਕੇ ਆਪਣਾ ਦਰਦ ਬਿਆਨ ਕਰ ਰਿਹਾ ਹਾਂ ਜਿਸ ਵਿੱਚ ਮੈਂ ਪੁਲੀਸ ਪਾਸੋਂ ਇਨਸਾਫ਼ ਲਈ ਗੁਹਾਰ ਲਗਾਉਣ ਦੇ ਨਾਲ-ਨਾਲ ਕੁਲਦੀਪ ਸਿੰਘ ਹੈਪੀ ਦਾ ਪਿਛਲਾ ਰੀਕਾਰਡ ਖੰਗਾਲਣ ਲਈ ਬੇਨਤੀ ਵੀ ਕਰਾਂਗਾ। ਉਨ੍ਹਾਂ ਦੋਸ਼ ਲਗਾਉਂਦਿਆਂ ਕਿਹਾ ਕਿ ਕੁਲਦੀਪ ਸਿੰਘ ਹੈਪੀ ਨਸ਼ਿਆਂ ਦੇ ਮਾਮਲੇ ਵਿੱਚ ਜ਼ੇਲ੍ਹ ਵੀ ਕੱਟ ਚੁੱਕਾ ਹੈ ਤੇ ਉਹ ਅਪਰਾਧੀ ਬਿਰਤੀ ਦਾ ਮਾਲਕ ਹੈ।

ਕੀ ਕਹਿੰਦੇ ਨੇ ਮੁਹੱਲਾ ਨਿਵਾਸੀ :

ਇਸ ਸਬੰਧੀ ਜਦ ਸੁਰਿੰਦਰ ਸਿੰਘ ਸੇਠੀ ਦੇ ਕੁਝ ਮੁਹੱਲਾ ਨਿਵਾਸੀਆਂ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਵਿੱਚ ਰੀਟਾਇਰਡ ਐਸ ਡੀ ਓ ਬਖਸ਼ੀਸ਼ ਸਿੰਘ, ਸੰਦੀਪ ਕੌਰ, ਗੁਰਮੀਤ ਕੌਰ ਤੇ ਸੋਨੀਆਂ ਨੇ ਕਿਹਾ ਕਿ ਅਸੀਂ ਮੌਕੇ ਤੇ ਮੌਜੂਦ ਸੀ ਤੇ ਉਕਤ ਮੈਡੀਕਲ ਸਟੋਰ ਦਾ ਵਿਅਕਤੀ ਤੇ ਉਸਦੇ ਸਾਥੀਆਂ ਨੇ ਸੁਰਿੰਦਰ ਸਿੰਘ ਸੇਠੀ ਤੇ ਉਨ੍ਹਾਂ ਦੇ ਪ੍ਰੀਵਾਰ ਤੇ ਬੇਸਬਾਲ ਨਾਲ ਹਮਲਾ ਕੀਤਾ ਜਿਸ ਨਾਲ ਸੇਠੀ, ਉਸਦੀ ਪਤਨੀ ਤੇ ਬੇਟਾ ਗੰਭੀਰ ਰੂਪ 'ਚ ਜ਼ਖ਼ਮੀ ਹੋ ਗਏ। ਉਨ੍ਹਾਂ ਪ੍ਰਸ਼ਾਸਨ ਕੋਲੋਂ ਸੇਠੀ ਤੇ ਉਸਦੇ ਪ੍ਰੀਵਾਰ ਨੂੰ ਇਨਸਾਫ਼ ਦਿਵਾਉਣ ਦੀ ਗੁਹਾਰ ਲਗਾਈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਤੇ ਪ੍ਰਸ਼ਾਸਨ ਵਲੋ ਐਸੇ ਅਨਸਰਾਂ ਨੂੰ ਨੱਥ ਪਾਈ ਜਾਵੇ ਜੋ ਨਸ਼ਿਆਂ ਦਾ ਵਿਰੋਧ ਕਰਨ ਵਾਲੇ ਅਨਸਰਾਂ 'ਤੇ ਹਮਲੇ ਕਰਦੇ ਨੇ। ਉਨ੍ਹਾਂ ਕਿਹਾ ਕਿ ਇਕ ਔਰਤ 'ਤੇ ਗੁੰਡਾ ਅਨਸਰਾਂ ਵੱਲੋਂ ਹਮਲਾ ਕਰਨਾ ਖਤਰਨਾਕ ਅਪਰਾਧ ਹੈ।

**ਮੈਡੀਕਲ ਰਿਪੋਰਟ ਆਉਣ 'ਤੇ ਕੀਤੀ ਜਾਵੇਗੀ ਬਨਦੀ ਕਾਰਵਾਈ :. ਐਸ ਐਚ ਓ**

ਇਸ ਸਬੰਧੀ ਜਦ ਥਾਣਾ ਬੀ ਡਵੀਜ਼ਨ ਦੇ ਐਸ ਐਚ ਓ ਸ: ਬਲਜਿੰਦਰ ਸਿੰਘ ਨਾਲ ਫੋਨ 'ਤੇ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਨੇ ਕਿਹਾ ਕਿ ਇਸ ਝਗੜੇ ਦੀ ਜਾਂਚ ਚੱਲ ਰਹੀ ਹੈ ਅਤੇ ਦੋਵਾਂ ਧਿਰਾਂ ਵੱਲੋਂ ਇਕ ਦੂਸਰੇ ਦੇ ਖਿਲਾਫ਼ ਸ਼ਿਕਾਇਤ ਕੀਤੀ ਗਈ ਹੈ। ਦੋਵਾਂ ਦੀਆਂ ਐਮ ਐਲ ਆਰ ਆਉਣ 'ਤੇ ਕਾਨੂੰਨੀ ਮੁਤਾਬਿਕ ਕਾਰਵਾਈ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

## ਸਿਹਤਮੰਦ ਬਰਨਾਲਾ: ਬੱਚਿਆਂ ਤੋਂ ਬਜ਼ੁਰਗਾਂ ਤੱਕ ਸੈਂਕੜੇ ਬਰਨਾਲਾ ਵਾਸੀਆਂ ਨੇ ਮੈਰਾਥਨ ਵਿੱਚ ਲਿਆ ਹਿਸਾ

**ਬਰਨਾਲਾ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਿਹਤਮੰਦ ਬਰਨਾਲਾ ਦਾ ਸੁਨੇਹਾ ਦੇਣ ਲਈ ਅੱਜ ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ, ਪੁਲੀਸ ਵਿਭਾਗ, ਮਦਰ ਟੀਚਰ ਇੰਟਰਨੈਸ਼ਨਲ ਸਕੂਲ ਹੰਡਿਆਇਆ (ਐਮ.ਟੀ.ਆਈ.ਐਸ) ਅਤੇ ਸਾਈਕਲਿੰਗ ਕਲੱਬ ਬਰਨਾਲਾ ਦੇ ਸਾਂਝੇ ਉਪਰਾਲੇ ਤਹਿਤ ਮੈਰਾਥਨ ਕਰਵਾਈ ਗਈ।

ਇਸ 5 ਕਿਲੋਮੀਟਰ, 10 ਕਿਲੋਮੀਟਰ ਤੇ 21 ਕਿਲੋਮੀਟਰ ਦੌੜ ਦਾ ਆਗਾਜ਼ ਐਮ.ਟੀ.ਆਈ.ਐਸ ਹੰਡਿਆਇਆ ਤੋਂ ਹੋਇਆ। ਇਸ ਮੌਕੇ ਲੋਕ ਸਭਾ ਮੈਂਬਰ ਸ. ਗੁਰਮੀਤ ਸਿੰਘ ਮੀਤ ਹੇਅਰ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਉਹਨਾਂ ਨੇ ਜਿੱਥੇ ਖੁਦ ਇਸ ਮੈਰਾਥਨ ਵਿਚ ਹਿੱਸਾ ਲਿਆ, ਓਥੇ ਜ਼ਿਲ੍ਹਾ ਵਾਸੀਆਂ ਖਾਸ ਕਰਕੇ ਨੌਜਵਾਨਾਂ ਨੂੰ ਤੰਦਰੁਸਤ ਰਹਿਣ ਲਈ ਖੇਡ ਗਤੀਵਿਧਿਆਂ ਨਾਲ ਜੁੜਨ ਨਾ ਸੁਨੇਹਾ ਦਿੱਤਾ ਅਤੇ ਪ੍ਰਬੰਧਕਾਂ ਦੇ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਤਰਫ਼ੋ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਆਈ ਏ ਐੱਸ ਅਤੇ ਜ਼ਿਲ੍ਹਾ ਪੁਲੀਸ ਮੁਖੀ ਮੁਹੰਮਦ ਸਰਫਰਾਜ਼ ਆਲਮ ਸਮੇਤ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਵਿਵੇਕ ਕੁਮਾਰ ਮੋਦੀ, ਐੱਸ.ਡੀ.ਐੱਮ ਤਪਾ ਸ੍ਰੀ ਆਯੂਸ਼ ਗੋਇਲ ਅਤੇ ਐੱਸ.ਡੀ.ਐੱਮ ਮਹਿਲ ਕਲਾਂ ਸ੍ਰੀਮਤੀ ਕ੍ਰਿਤਿਕਾ ਗੋਇਲ ਨੇ ਵੀ ਮੈਰਾਥਨ ਵਿੱਚ ਹਿੱਸਾ ਲੈ ਕੇ ਤੰਦਰੁਸਤ ਬਰਨਾਲਾ ਦਾ ਸੁਨੇਹਾ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### 6 ਅਪ੍ਰੈਲ ਦੇ ਧਰਨੇ ਵਿੱਚ

# ਕਿਸਾਨ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਣਗੇ ਕਿਸਾਨ; ਆਗੂ ਬੀਕੇਯੂ ਉਗਰਾਹਾਂ



**ਧੂਰੀ( ਰਣਜੀਤ ਸਿੰਘ ਪੇਧਨੀ )**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਧੂਰੀ ਦੀ ਮੀਟਿੰਗ ਬਲਾਕ ਪ੍ਰਧਾਨ ਹਰਬੰਸ ਸਿੰਘ ਲੱਡਾ ਦੀ ਅਗਵਾਈ ਹੇਠ ਪਿੰਡ ਲੱਡਾ ਵਿਖੇ ਗੁੱਗਾ ਮਾੜੀ ਤੇ ਹੋਈ।ਜਿਸ ਵਿੱਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਇਕ ਰੋਜਾ ਡੀਸੀ ਦਫਤਰ ਅੱਗੇ ਧਰਨੇ ਦੇਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਨੂੰ ਵੱਖ-ਵੱਖ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿਕੇਂਦਰ ਦੀ ਮੋਦੀ ਸਰਕਾਰ ਅਮਰੀਕਾ ਦੇ ਨਾਲ ਮੁਫਤ ਟੈਕਸਟ ਸਮਝੌਤਾ ਕਰਨ ਜਾ ਰਹੀ। ਜਿਸ ਦੇ ਨਾਲ ਖੇਤੀ ਸੈਕਟਰ, ਪਰਚੂਨ, ਵਪਾਰ ਬਿਲਕੁਲ ਖਤਮ ਹੋ ਜਾਵੇਗਾ। ਬਿਜਲੀ ਬਿੱਲ 2025 ਸੀਡ ਬਿੱਲ 2025 ਤੇ ਚਾਰ ਕੇਵਰ ਕੋਡ, ਵਰਗੇ ਕਿਸਾਨ ਮਜਦੂਰ ਵਿਰੋਧੀ ਕਨੂੰਨ ਪਾਸ ਕਰਨ ਜਾ ਰਹੀ ਹੈ। ਜਿਸ ਨਾਲ ਭਾਰਤ ਦਾ ਖੇਤੀ ਸੈਕਟਰ ਪਰਚੂਨ ਵਪਾਰ ਬਿਲਕੁਲ ਖਤਮ ਹੋ ਜਾਵੇਗਾ। ਜਿਸ ਨਾਲ ਭਾਰਤ ਵਿਚ ਖੁਦਕੁਸ਼ੀਆ ਭੁਖਮਰੀ ਵਧ ਜਾਵੇਗੀ ਜਿਸ ਦੇ ਵਿਰੋਧ ਵਿਚ ਸੰਯੁਕਤ ਕਿਸਾਨ ਮੋਰਚੇ ਵੱਲੋਂ ਡੀਸੀ ਦਫਤਰਾਂ ਅੱਗੇ ਮੋਰਚੇ ਦੇ ਸੱਦੇ ਤੇ 6/4/2026 ਨੂੰ ਇੱਕ ਰੋਜਾ ਧਰਨਾ ਦਿੱਤਾ ਜਾਵੇਗਾ। ਆਗੂਆਂ ਨੇ ਕਿਸਾਨਾਂ ਨੂੰ 6 ਅਪ੍ਰੈਲ ਦੇ ਧਰਨੇ ਵਿੱਚ ਪਹੁੰਚਣ ਦੀ ਅਪੀਲ ਕੀਤੀ ਅਤੇ ਪੰਜਾਬ ਸਰਕਾਰ ਤੋ ਮੰਗ ਕੀਤੀ ਕਿ ਬੇ ਮੌਸਮੀ ਬਾਰਿਸ਼ ਨਾਲ ਹੋਏ ਨੁਕਸਾਨ ਦਾ ਮੁਆਵਜਾ ਦਿੱਤਾ ਜਾਵੇ ਕਿਉਕਿ ਗੜੇਮਾਰੀ ਨਾਲ ਦੀ ਕਣਕ ਦੀ ਫਸਲ ਦਾ ਭਾਰੀ ਨੁਕਸਾਨ ਹੋਇਆਂ ਹੈ। ਇਸ ਮੌਕੇ ਕਰਮਜੀਤ ਸਿੰਘ ਬੇਨੜਾ, ਦਰਸਨ ਸਿੰਘ ਕਿਲਾ ਹਕੀਆਂ, ਜੋਰਾ ਸਿੰਘ ਕੰਧਾਰਗੜ ਛੰਨਾ, ਜਰਨੈਲ ਸਿੰਘ ਸੁਲਤਾਨਪੁਰ, ਮਹਿੰਦਰ ਸਿੰਘ ਭਸੌੜ, ਬਾਬੂ ਸਿੰਘ ਮੂਲੋਂਵਾਲ, ਮਨਜੀਤ ਸਿੰਘ ਜਹਾਂਗੀਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੈਣ ਸਮਾਜ ਵੈਲਫੇਅਰ ਐਂਡ ਚੈਰੀਟੇਬਲ ਟਰੱਸਟ ਪੰਜਾਬ ਮੀਟਿੰਗ ਹੋਈ



**ਧੂਰੀ( ਰਣਜੀਤ ਸਿੰਘ ਪੇਧਨੀ )**-ਸੈਣ ਸਮਾਜ ਵੈਲਫੇਅਰ ਐਂਡ ਚੈਰੀਟੇਬਲ ਟਰੱਸਟ ਪੰਜਾਬ (ਰਜਿ.) ਦੇ ਪ੍ਰਧਾਨ ਡਾ. ਅਮਰੀਕ ਸਿੰਘ ਪੇਧਨੀ ਵੱਲੋਂ ਅੱਜ ਗੁਰਦੁਆਰਾ ਸਾਹਿਬ ਸੈਣ ਭਗਤ ਵਿਖੇ ਇੱਕ ਮਹੱਤਵਪੂਰਨ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਟਰੱਸਟ ਦੇ ਜਿੰਮੇਵਾਰ ਮੈਂਬਰਾਂ ਨੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਹਾਜ਼ਰੀ ਭਰੀ ਅਤੇ ਸਮਾਜ ਦੀ ਭਲਾਈ ਲਈ ਕਈ ਅਹਿਮ ਫੈਸਲੇ ਕੀਤੇ ਗਏ।

ਮੀਟਿੰਗ ਦੌਰਾਨ ਸੈਣ ਸਮਾਜ ਦੇ ਪਰਿਵਾਰਾਂ ਨੂੰ ਦਰਪੇਸ਼ ਮੁੱਖ ਸਮੱਸਿਆਵਾਂ 'ਤੇ ਗੰਭੀਰ ਚਰਚਾ ਕੀਤੀ ਗਈ।ਖਾਸ ਤੌਰ 'ਤੇ ਬੱਚਿਆਂ ਦੇ ਵਿਆਹ ਸਬੰਧੀ ਮੁਸ਼ਕਲਾਂ, ਜਿਸ ਵਿੱਚ ਲੜਕਿਆਂ ਦੇ ਮੁਕਾਬਲੇ ਲੜਕੀਆਂ ਦੀ ਘੱਟ ਗਿਣਤੀ ਇੱਕ ਚਿੰਤਾਜਨਕ ਮਸਲਾ ਬਣ ਚੁੱਕੀ ਹੈ, 'ਤੇ ਸਾਰਿਆਂ ਨੇ ਚਿੰਤਾ ਜਤਾਈ। ਇਸਦੇ ਨਾਲ ਹੀ ਪੜ੍ਹੇ-ਲਿਖੇ ਨੌਜਵਾਨਾਂ ਨੂੰ ਸਮਾਜਿਕ ਤਰੱਕੀ ਵੱਲ ਲੈ ਜਾਣ, ਭਾਈਚਾਰੇ ਵਿੱਚ ਇਕਤਾ ਅਤੇ ਸਾਂਝ ਨੂੰ ਮਜ਼ਬੂਤ ਕਰਨ 'ਤੇ ਵੀ ਜ਼ੋਰ ਦਿੱਤਾ ਗਿਆ।

ਮੀਟਿੰਗ ਵਿੱਚ ਇਹ ਨਿਰਣੇ ਲਿਆ ਗਿਆ ਕਿ ਸਮਾਜ ਦੀ ਭਲਾਈ ਲਈ ਨਿਯਮਿਤ ਮੀਟਿੰਗਾਂ ਕਰਕੇ ਸਮਾਜਿਕ ਗਤੀਵਿਧੀਆਂ ਨੂੰ ਹੋਰ ਤੇਜ਼ ਕੀਤਾ ਜਾਵੇ ਅਤੇ ਹਰ ਪੱਧਰ 'ਤੇ ਸੈਣ ਸਮਾਜ ਨੂੰ ਮਜ਼ਬੂਤ ਕੀਤਾ ਜਾਵੇ।

ਇਸ ਤੋਂ ਇਲਾਵਾ, ਆਰਥਿਕ ਮਸਲਿਆਂ ਅਤੇ ਮੈਂਬਰਾਂ ਦੇ ਯੋਗਦਾਨ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਟਰੱਸਟ ਦੇ ਕੰਮਾਂ ਨੂੰ ਪਾਰਦਰਸ਼ੀ ਅਤੇ ਸੁਚੱਜੇ ਢੰਗ ਨਾਲ ਚਲਾਉਣ 'ਤੇ ਜ਼ੋਰ ਦਿੱਤਾ ਗਿਆ। ਵੱਖ-ਵੱਖ ਮੈਂਬਰਾਂ ਨੂੰ ਜਿੰਮੇਵਾਰੀਆਂ ਸੌਂਪ ਕੇ ਸੇਵਾਵਾਂ ਨੂੰ ਹਰ ਵਰਗ ਤੱਕ ਪਹੁੰਚਾਉਣ ਦਾ ਫੈਸਲਾ ਵੀ ਕੀਤਾ ਗਿਆ।

ਮਹੱਤਵਪੂਰਨ ਮੰਗਾਂ ਅਤੇ ਅਪੀਲ: ਮੀਟਿੰਗ ਵਿੱਚ ਸਾਰਿਆਂ ਮੈਂਬਰਾਂ ਨੇ ਇਕਸੁਰ ਹੋ ਕੇ ਪੰਜਾਬ ਸਰਕਾਰ ਕੋਲ ਮੰਗ ਰੱਖੀ ਕਿ ਸੈਣ ਸਮਾਜ ਦੇ ਪਰਿਵਾਰਾਂ ਦੀ ਸਮਾਜਿਕ ਅਤੇ ਆਰਥਿਕ ਤਰੱਕੀ ਲਈ ਵਿਸ਼ੇਸ਼ ਨੀਤੀਆਂ ਬਣਾਈਆਂ ਜਾਣ। ਨਾਲ ਹੀ ਇਹ ਵੀ ਮੰਗ ਕੀਤੀ ਗਈ ਕਿ ਸੈਣ ਸਮਾਜ ਵੈਲਫੇਅਰ ਐਂਡ ਚੈਰੀਟੇਬਲ ਟਰੱਸਟ (ਰਜਿ.) ਨੂੰ ਸਮਾਜਿਕ ਭਲਾਈ ਦੇ ਕੰਮਾਂ ਨੂੰ ਹੋਰ ਵਧੀਆ ਢੰਗ ਨਾਲ ਚਲਾਉਣ ਲਈ ਸਰਕਾਰੀ ਫੰਡ ਅਤੇ ਸਹਾਇਤਾ ਪ੍ਰਦਾਨ ਕੀਤੀ ਜਾਵੇ। ਮੀਟਿੰਗ ਦੇ ਅੰਤ ਵਿੱਚ ਸਾਰੇ ਮੈਂਬਰਾਂ ਨੇ ਸੈਣ ਸਮਾਜ ਦੀ ਇਕਤਾ, ਤਰੱਕੀ ਅਤੇ ਭਲਾਈ ਲਈ ਇਕੱਠੇ ਹੋ ਕੇ ਕੰਮ ਕਰਨ ਦਾ ਸੰਕਲਪ ਲਿਆ।

ਹਾਜ਼ਰੀ ਲਗਾਉਣ ਵਾਲੇ ਪ੍ਰਮੁੱਖ ਮੈਂਬਰ:ਡਾ. ਅਮਰੀਕ ਸਿੰਘ (ਪ੍ਰਧਾਨ), ਵਿਜੈ ਕੁਮਾਰ, ਪਰਮਿੰਦਰ ਪਾਲ ਸਿੰਘ (ਫਰੀਦਕੋਟ), ਹਰਮਿੰਦਰ ਸਿੰਘ, ਗੁਰਪ੍ਰੀਤ ਸਿੰਘ, ਗੋਗੀ ਸਿੰਘ, ਜਤਿੰਦਰ ਸਿੰਘ, ਸ਼ੇਰ ਸਿੰਘ (ਮੋਹਾਲੀ), ਜਸਵਿੰਦਰ ਸਿੰਘ (ਐਡਵੋਕੇਟ, ਬਰਨਾਲਾ), ਬੂਟਾ ਸਿੰਘ, ਅਤੇ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੇ ਮੈਂਬਰ ਸਮੇਤ ਹੋਰ ਜਿੰਮੇਵਾਰ ਐਡਮਿਨਿਸਟ੍ਰੇਟਿਵ ਮੈਂਬਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅਕਾਲੀ ਦਲ ਬਾਦਲ ਨੂੰ ਵੱਡਾ ਝਟਕਾ, ਸਰਦਾਰ ਸੁਖਦੇਵ ਸਿੰਘ ਰਿਆਤ ਆਪਣੇ ਸੈਂਕੜੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ 'ਚ ਹੋਏ ਸ਼ਾਮਲ

## ਬੀਬੀ ਰਣਜੀਤ ਕੌਰ ਨੇ ਸਰਦਾਰ ਰਿਆਤ ਨੂੰ ਪਾਰਟੀ ਅੰਦਰ ਸ਼ਾਮਲ ਕਰਵਾਉਣ ਵਿਚ ਅਦਾ ਕੀਤਾ ਅਹਿਮ ਰੋਲ



ਨਵੀਂ ਦਿੱਲੀ, 5 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਦੀ ਸਿੱਖ ਰਾਜਨੀਤੀ ਵਿਚ ਅਕਾਲੀ ਦਲ ਬਾਦਲ ਨੂੰ ਉਸ ਵੇਲੇ ਵੱਡਾ ਝਟਕਾ ਲੱਗਾ ਜਦੋਂ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਅਤੇ 25 ਸਾਲਾਂ ਤੋਂ ਪਾਰਟੀ ਨਾਲ ਜੁੜ ਕੇ ਵੱਡੀਆਂ ਸੇਵਾਵਾਂ ਨਿਭਾਉਣ ਵਾਲੇ ਰਾਮਗੜ੍ਹੀਆ ਆਲ ਇੰਡੀਆ ਵਿਸ਼ਕਰਮਾ ਫੈਡਰੇਸ਼ਨ ਦੇ ਪ੍ਰਧਾਨ ਸਰਦਾਰ ਸੁਖਦੇਵ ਸਿੰਘ ਰਿਆਤ ਅੱਜ ਆਪਣੇ ਸੈਂਕੜੇ ਸਾਥੀਆਂ ਸਮੇਤ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਵਿਚ ਸ਼ਾਮਲ ਹੋ ਗਏ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਤੇ ਪਾਰਟੀ ਦੇ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਐਮ ਪੀ ਐਸ ਚੱਢਾ ਨੇ ਸਰਦਾਰ ਰਿਆਤ ਤੇ ਉਹਨਾਂ ਦੇ ਸਾਥੀਆਂ ਨੂੰ ਪਾਰਟੀ ਵਿਚ ਸ਼ਾਮਲ ਹੋਣ 'ਤੇ ਜੀ ਆਇਆਂ ਆਖਿਆ ਤੇ ਨਾਲ ਹੀ ਉਹਨਾਂ ਨੂੰ ਪਾਰਟੀ ਦਾ ਸੀਨੀਅਰ ਮੀਤ ਪ੍ਰਧਾਨ ਬਣਾਉਣ ਦਾ ਐਲਾਨ ਕੀਤਾ।ਉਹਨਾਂ ਨੇ ਇਸ ਮੌਕੇ ਬੀਬੀ ਰਣਜੀਤ ਕੌਰ ਤੇ ਸਰਦਾਰ ਸੁਖਦੇਵ ਸਿੰਘ ਬੱਬਰ ਦਾ ਵਿਸ਼ੇਸ਼ ਧੰਨਵਾਦ ਕੀਤਾ ਜਿਹਨਾਂ ਨੇ ਸਰਦਾਰ ਰਿਆਤ ਨੂੰ ਪਾਰਟੀ ਵਿਚ ਸ਼ਾਮਲ ਕਰਵਾਉਣ ਵਿਚ ਅਹਿਮ ਰੋਲ ਅਦਾ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਕਿਹਾ ਕਿ ਸਰਦਾਰ ਸੁਖਦੇਵ ਸਿੰਘ ਰਿਆਤ ਤੇ ਸਾਥੀਆਂ ਦੇ ਪਾਰਟੀ ਵਿਚ ਸ਼ਾਮਲ ਹੋਣ ਨਾਲ ਪਾਰਟੀ ਨੂੰ ਵੱਡੀ ਮਜ਼ਬੂਤੀ ਮਿਲੀ ਹੈ। ਉਹਨਾਂ ਕਿਹਾ ਕਿ ਦਿੱਲੀ ਗੁਰਦੁਆਰਾ ਕਮੇਟੀ ਦੀਆਂ ਆਉਂਦੀਆਂ ਚੋਣਾਂ ਵਿਚ ਪਾਰਟੀ ਭਾਰੀ ਬਹੁਮਤ ਨਾਲ ਲਾਮਿਸਾਲ ਜਿੱਤ ਦਰਜ ਕਰੇਗੀ ਅਤੇ ਸਰਦਾਰ ਰਿਆਤ ਦੇ ਆਉਣ ਨਾਲ ਘੱਟੋ ਘੱਟ 10 ਸੀਟਾਂ ਦਾ ਹੋਰ ਇਜਾਫਾ ਹੋਵੇਗਾ। ਇਸ ਮੌਕੇ ਉਹਨਾਂ ਇਹ ਵੀ ਦੱਸਿਆ ਕਿ ਕਿਵੇਂ 2021 ਦੀਆਂ ਚੋਣਾਂ ਵਿਚ ਦਿੱਲੀ ਦੀ ਸੰਗਤ ਨੇ ਕੋਰੋਨਾ ਕਾਲ ਤੇ ਕਿਸਾਨ ਅੰਦੋਲਨ ਵੇਲੇ ਸੇਵਾ ਕਰਨ ਦੇ ਨਾਲ-ਨਾਲ ਪ੍ਰਦਾਨ ਕੀਤੀਆਂ ਸਿਹਤ ਤੇ ਸਿੱਖਿਆ ਖੇਤਰ ਵਿਚ ਸੇਵਾਵਾਂ ਤੇ ਧਾਰਮਿਕ ਕਾਰਜਾਂ ਵਿਚ ਨਿਭਾਈ ਭੂਮਿਕਾ ਬਦਲੇ ਸਾਡੀ ਝੋਲੀ ਜਿੱਤ ਪਾਈ ਤੇ ਸਾਡੇ 30 ਮੈਂਬਰ ਚੋਣਾਂ ਜਿੱਤੇ। ਉਹਨਾਂ ਇਹ ਵੀ ਦੱਸਿਆ ਕਿ ਕਿਵੇਂ ਉਸ ਵੇਲੇ ਦੀ ਪੰਜਾਬ ਦੀ ਅਕਾਲੀ ਦਲ ਦੀ ਲੀਡਰਸ਼ਿਪ ਨੇ ਸਾਡੇ 'ਤੇ ਸਰਨਾ ਭਰਾਵਾਂ ਤੇ ਮਨਜੀਤ ਸਿੰਘ ਜੀ.ਕੇ. ਨਾਲ ਸਾਂਝ ਪਾਉਣ ਵਾਸਤੇ ਦਬਾਅ ਬਣਾਇਆ ਪਰ ਅਸੀਂ ਉਹ ਗੱਲ ਮੰਨਣ ਦੀ ਥਾਂ ਦਿੱਲੀ ਦੀ ਸੰਗਤ ਦੇ ਫਤਵੇ ਦਾ ਸਤਿਕਾਰ ਕਰਨ ਦਾ ਫੈਸਲਾ ਲਿਆ ਤੇ ਨਿਰੋਲ ਧਾਰਮਿਕ ਪਾਰਟੀ ਸ਼੍ਰੋਮਣੀ ਅਕਾਲੀ ਦਲ ਦਿੱਲੀ ਸਟੇਟ ਦਾ ਗਠਨ ਕੀਤਾ। ਉਹਨਾਂ ਕਿਹਾ ਕਿ ਸਾਡੀ ਪਾਰਟੀ ਨੂੰ ਸੰਗਤ ਨੇ ਵੱਡਾ ਹੁੰਗਾਰਾ ਦਿੱਤਾ ਤੇ ਅਸੀਂ ਕਿਸੇ ਵੀ ਤਰੀਕੇ ਦੀ ਰਾਜਨੀਤੀ ਕਰਨ ਦੀ ਥਾਂ ਸੰਗਤ ਦੀ ਸੇਵਾ ਦੇ ਵਿਸ਼ਵਾਸ ਨਾਲ ਕਾਰਜ ਕਰ ਰਹੇ ਹਾਂ ਤੇ ਪਿਛਲੇ 4 ਸਾਲਾਂ ਵਿਚ ਬਹੁਤ ਅਹਿਮ ਕਾਰਜ ਕੀਤੇ ਗਏ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

## ਮਹਾਨ ਕਰਮਯੋਗੀ,ਸਚਖੰਡ ਵਾਸੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਜਥੇਦਾਰ ਜੈਮਲ ਸਿੰਘ ਦੀ ਪਹਿਲੀ ਬਰਸੀ ਤੇ ਵਿਸ਼ੇਸ਼



ਚੌਕ ਮਹਿਤਾ,5 ਅਪ੍ਰੈਲ (. ਬਾਬਾ ਸੁਖਵੰਤ ਸਿੰਘ ਚੰਨਣਕੇ) ਸੰਸਾਰ ਵਿੱਚ ਲੋਕ ਆਉਂਦੇ ਹਨ ਅਤੇ ਚਲੇ ਜਾਂਦੇ ਹਨ। ਹਾਲਾਂਕਿ ਆਉਣ ਵਾਲਿਆ ਦੀ ਗਿਣਤੀ ਤਾਂ ਦੱਸੀਂ ਜਾ ਸਕਦੀ ਹੈ ਲੇਕਿਨ ਜਾਣ ਵਾਲਿਆ ਦੀ ਗਿਣਤੀ ਦਾ ਅੰਦਾਜਾ ਲਗਾਉਣਾ ਮੁਸ਼ਿਕਲ ਹੀ ਨਹੀਂ ਬਲਕਿ ਨਾਂ ਮੁਮਕਿਨ ਹੈ। ਕੁਝ ਲੋਕ ਆਪਣੇ ਜੀਵਨ ਵਿੱਚ ਐਸੇ ਕਰਮ ਕਰ ਜਾਂਦੇ ਹਨ ਜਿਸ ਨੂੰ ਰਹਿੰਦੀ ਦੁਨੀਆਂ ਤੱਕ ਕਦੇ ਭੁਲਾਇਆ ਨਹੀਂ ਜਾ ਸਕਦਾ। ਇੰਨਾ ਵਿਚੋਂ ਹੀ ਇਕ ਸਨ ਗੁਰੂ ਘਰ ਦੇ ਅਨਿਨ ਸੇਵਕ, ਗੁਰੂ ਆਸ਼ੇ ਅਨੁਸਾਰ ਭੈ ਅਤੇ ਭੌ ਵਿਚ ਜੀਵਨ ਜੀਊਣ ਵਾਲੇ ਬਹੁਪੱਖੀ ਮਾਇਆ ਨਾਜ਼ ਸ਼ਖ਼ਸੀਅਤ ਸਚਖੰਡ ਵਾਸੀ ਜਥੇਦਾਰ ਜੈਮਲ ਸਿੰਘ ਜੀ ਸਾਬਕਾ ਅਗਜੈਕਟਿਵ ਮੈਂਬਰ ਸਿੱਖ ਕੌਮ ਦੀ ਸਿਰਮੌਰ ਸੰਸਥਾ ਅਤੇ ਸਿੱਖਾਂ ਦੀ ਮਿੰਨੀ ਪਾਰਲੀਮੈਂਟ ਵਜੋਂ ਜਾਣੀਂ ਜਾਂਦੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,ਸਾ੍ਬਕਾ ਪ੍ਰਧਾਨ ਨਗਰ ਕੌਂਸਲ ਸੁਲਤਾਨ ਪੁਰ ਲੋਧੀ ਜੋ ਬੀਤੇ ਵਰ੍ਹੇ 86 ਬਸੰਤ ਬਹਾਰਾਂ ਦਾ ਆਨੰਦ ਮਾਣਦਿਆਂ ਆਪਣੇ ਪਰਿਵਾਰ ਸਕੇ ਸਬੰਧੀਆਂ ਨੂੰ ਰੋਂਦਿਆਂ ਕੁਰਲਾਉਂਦਿਆਂ ਇਕੱਲਿਆਂ ਛੱਡ ਕੇ ਹਮੇਸ਼ਾ ਹਮੇਸ਼ਾ ਲਈ ਸਾਥੋਂ ਵਿਛੜ ਗਏ। ਉਨ੍ਹਾਂ ਦੀ ਸਲਾਨਾ ਮਿਠੀ ਯਾਦ ਨੂੰ ਸਦੀਵੀ ਕਾਲ ਹਿਰਦਿਆਂ ਵਿਚ ਵਸਾਈ ਰੱਖਣ ਲਈ ਪਹਿਲੀ ਬਰਸੀ 6 ਅਪਰੈਲ ਸੋਮਵਾਰ ਦੁਪਹਿਰ 12 ਤੋਂ 1 ਵਜੇ ਤੱਕ ਗੁਰਦੁਆਰਾ ਸ੍ਰੀ ਗੁਰੂ ਕਾ ਬਾਗ ਸਾਹਿਬ ਸੁਲਤਾਨ ਪੁਰ ਲੋਧੀ ਵਿਖੇ ਬੜੀ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਈ ਜਾ ਰਹੀ ਹੈ।ਗੁਰਪੁਰ ਵਾਸੀ ਜਥੇਦਾਰ ਜੈਮਲ ਸਿੰਘ ਦਾ ਜਨਮ 15 ਅਗਸਤ 1939 ਪਾਕਿਸਤਾਨ ਦੇ ਜ਼ਿਲ੍ਹਾ ਸਰਗੋਧਾ ਵਿਖੇ ਪਿਤਾ ਸ੍ਰ ਸਤਨਾਮ ਸਿੰਘ ਦੇ ਘਰ ਮਾਤਾ ਸਰਦਾਰਨੀ ਰਾਮ ਕੌਰ ਦੀ ਕੁੱਖੋਂ ਹੋਇਆ।ਅੱਠ ਸਾਲ ਦੀ ਉਮਰ ਵਿੱਚ ਹੀ ਦੇਸ਼ ਦੇ ਬਟਵਾਰੇ ਸਮੇਂ ਇਸ ਪਾਵਨ ਨਗਰੀ ਸੁਲਤਾਨ ਪੁਰ ਲੋਧੀ ਆ ਗਏ।ਮੁੱਢਲੀ ਸਿੱਖਿਆ ਪਾਕਿਸਤਾਨ ਤੋਂ ਪ੍ਰਾਪਤ ਕਰਨ ਉਪਰੰਤ ਨਨਕਾਣਾ ਸਾਹਿਬ ਖਾਲਸਾ ਹਾਈ ਸਕੂਲ ਸੁਲਤਾਨਪੁਰ ਲੋਧੀ ਵਿਚ ਕਰਨ ਉਪਰੰਤ ਉਚ ਵਿਦਿਆ ਪ੍ਰਾਪਤ ਕਰਨ ਲਈ ਕਪੂਰਥਲਾ ਦੇ ਸਰਕਾਰੀ ਰਣਬੀਰ ਕਾਲਜ ਵਿੱਚ ਦਾਖਲਾ ਲਿਆ ਲੇਕਿਨ ਆਪਣੀ ਮਾਤਾ ਦੇ ਬੀਮਾਰ ਕਾਰਨ ਪੜ੍ਹਾਈ ਨੂੰ ਅਧਵਾਟੇ ਹੀ ਛੱਡਣਾਂ ਪਿਆ। ਆਪ ਜੀ ਦਾ ਆਨੰਦ ਕਾਰਜ 1959 ਵਿਚ ਬੀਬਾ ਸੁਰਜੀਤ ਕੌਰ ਨਾਲ ਹੋਇਆ। ਵਿਆਹ ਤੋਂ ਇਕ ਸਾਲ ਬਾਅਦ ਹੀ ਸਿਆਸਤ ਵਿੱਚ ਕਦਮ ਧਰਦਿਆਂ ਪੰਜਾਬੀ ਸੂਬੇ ਦੇ ਮੋਰਚੇ ਲਈ ਪਹਿਲੀ ਵਾਰ ਅਕਾਲੀ ਦਲ ਸੁਪਰੀਮੋ ਸ੍ ਪ੍ਰਕਾਸ਼ ਸਿੰਘ ਬਾਦਲ, ਜਥੇਦਾਰ ਗੁਰਚਰਨ ਸਿੰਘ ਟੌਹੜਾ, ਜਥੇਦਾਰ ਜਗਦੇਵ ਸਿੰਘ ਤਲਵੰਡੀ ਨਾਲ ਛੇ ਮਹੀਨੇ ਜੇਲ ਵਿਚ ਰਹੇਂ।ਰਿਹਾਅ ਹੋਣ ਉਪਰੰਤ ਸਰਗਰਮ ਸਿਆਸਤ ਵਿੱਚ ਪੈਰ ਧਰਦਿਆਂ ਹੀ ਜੀਵਨ ਵਿਚ ਅਨੇਕਾਂ ਤਰ੍ਹਾਂ ਦੀਆਂ ਮੰਜ਼ਿਲਾਂ ਨੂੰ ਸਰ ਕਰਦਿਆ ਹੀ ਲਗਾਤਾਰ ਤਿੰਨ ਵਾਰ ਨਗਰ ਕੌਂਸਲ ਸੁਲਤਾਨਪੁਰ ਲੋਧੀ ਦੇ ਪ੍ਰਧਾਂਨ ਹੋਣ ਦਾ ਮਾਣ ਪ੍ਰਾਪਤ ਕੀਤਾ। ਹਲਕਾ ਸੁਲਤਾਨਪੁਰ ਦੀ ਰੀੜ੍ਹ ਦੀ ਹੱਡੀ ਵਜੋਂ ਜਾਣੇ ਜਾਂਦੇ ਲੋਹ ਪੁਰਸ਼ ਅਤੇ ਕਰਮਯੋਗੀ ਜਥੇਦਾਰ ਜੈਮਲ ਸਿੰਘ ਨੇ ਇਲਾਕ.ਾ ਨਿਵਾਸੀਆਂ ਅਤੇ ਆਪਣੀ ਪਾਰਟੀ ਦੀਆਂ ਜ਼ਿੰਮੇਵਾਰੀਆਂ ਨੂੰ ਬਤੌਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਅੰਤਿਮ ਸਵਾਸਾਂ ਸੰਗ ਨਿਭਾ ਕੇ ਹਰੇਕ ਵਿਅਕਤੀ ਦੇ ਮਨ ਅੰਦਰ ਇਕ ਵਿਲੱਖਣ ਪਹਿਚਾਣ ਬਣਾਈ। ਪੰਥਕ ਸਫਾਂ ਵਿੱਚ ਜਦੋਂ ਵੀ ਕਿਤੇ ਹਲਕਾ ਸੁਲਤਾਨਪੁਰ ਲੋਧੀ ਦੇ ਵਿਕਾਸ ਦੀ ਚਰਚਾ ਚਲੇਗੀ ਤਾਂ ਜਥੇਦਾਰ ਸਾਹਿਬ ਨੂੰ ਚੇਤੇ ਕਰਦਿਆਂ ਇੰਨਾ ਦਾ ਨਾਮ ਸੁਨਹਿਰੀ ਅੱਖਰਾਂ ਵਿੱਚ ਲਿਖਿਆ ਜਾਵੇਗਾ।ਐਸੇ ਮਿਠ ਬੋਲੜੇ ਮਿਲਣਸਾਰ,ਸੁੱਖ ਦੁੱਖ ਦੇ ਭਾਈਵਾਲ,ਨੇਕ ਆਤਮਾ ਅਤੇ ਰੱਬੀ ਰੂਹ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕਰਨ ਲਈ ਧਾਰਮਿਕ, ਸਮਾਜਿਕ, ਰਾਜਨੀਤਕ, ਸਿੱਖ ਸੰਸਥਾਵਾਂ ,ਵਿਦਿਅਕ ਅਦਾਰਿਆਂ ਦੇ ਮੁੱਖੀ, ਨਿਹੰਗ ਸਿੰਘ ਜਥੇਬੰਦੀਆਂ, ਸਿੰਘ ਸਹਿਬਾਨ ਪਹੁੰਚ ਰਹੇ ਹਨ।ਪਰਿਵਾਰ ਵੱਲੋਂ ਵੱਡੇ ਸਪੁੱਤਰ" ਸ੍ ਦਲਜੀਤ ਸਿੰਘ ਐਗਜ਼ੀਕਿਊਟਿਵ ਡਾਇਰੈਕਟਰ ਫੂਡ ਕਾਰਪੋਰੇਸ਼ਨ ਆਫ ਇੰਡੀਆ ਭਾਰਤ ਸਰਕਾਰ (ਨਵੀਂ ਦਿੱਲੀ) ਛੋਟਾ ਬੇਟਾ ਰਾਜਾ ਸ੍ ਗੁਰਪ੍ਰੀਤ ਸਿੰਘ ਸਾਬਕਾ ਕੌਂਸਲਰ ਵੱਲੋਂ ਆਪ ਸਭ ਨੂੰ ਪਹਿਲੀ ਬਰਸੀ ਸਮਾਗਮ ਮੌਕੇ ਦਰਸ਼ਨ ਦੇਣ ਲਈ ਬੇਨਤੀ ਹੈ'।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM

ਵਿਧਾਇਕ ਪ੍ਰੋ: ਬਲਜਿੰਦਰ ਕੌਰ ਨੇ

# ਸੂਬਾ ਸਰਕਾਰ ਦੀਆਂ ਚਾਰ ਸਾਲਾਂ ਦੀਆਂ ਪ੍ਰਾਪਤੀਆਂ ਬਾਰੇ ਪਾਇਆ ਚਾਨਣਾ





**ਪਿਛਲੇ ਚਾਰ ਸਾਲਾਂ ਦੌਰਾਨ ਹੋਇਆ ਵਿਕਾਸ ਲੋਕਾਂ ਦੇ ਸਪਸ਼ਟ ਤੌਰ ਤੇ ਸਾਹਮਣੇ - ਪ੍ਰੋ. ਬਲਜਿੰਦਰ ਕੌਰ**

ਤਲਵੰਡੀ ਸਾਬੋ, 05 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਹਲਕੇ ਵਿੱਚ ਵਿਕਾਸੀ ਕੰਮਾਂ ਦੀ ਰਫ਼ਤਾਰ ਨੂੰ ਹੋਰ ਤੇਜ਼ ਕਰਨ ਅਤੇ ਸਰਕਾਰ ਦੇ ਚਾਰ ਸਾਲਾਂ ਦੀ ਕਾਰਗੁਜ਼ਾਰੀ ਨੂੰ ਸਿੱਧੇ ਤੌਰ ‘ਤੇ ਲੋਕਾਂ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਹਲਕਾ ਵਿਧਾਇਕਾ ਬਲਜਿੰਦਰ ਕੌਰ ਵੱਲੋਂ ਅੱਜ ਵਿਸ਼ਾਲ ਪਿੰਡ ਦੌਰਾ ਕੀਤਾ ਗਿਆ। ਇਸ ਦੌਰੇ ਦੌਰਾਨ ਉਨ੍ਹਾਂ ਨੇ ਪਿੰਡ ਸੀਂਗੋ, ਮਿਰਜੇਆਣਾ, ਗਹਿਲੇਵਾਲਾ, ਮੈਨੂੰਆਣਾ, ਰਾਈਆ ਅਤੇ ਗੋਲੇਵਾਲਾ ਵਿੱਚ ਜਾ ਕੇ ਆਮ ਆਦਮੀ ਪਾਰਟੀ ਸਰਕਾਰ ਦੇ 4 ਸਾਲਾਂ ਦੇ ਸ਼ਾਨਦਾਰ ਕੰਮਾਂ ਅਤੇ ਚੋਣਾਂ ਦੌਰਾਨ ਕੀਤੇ ਵਾਅਦਿਆਂ ਦੀ ਪੂਰਤੀ ਸਬੰਧੀ ਵਿਸਥਾਰਪੂਰਵਕ ਰਿਪੋਰਟ ਕਾਰਡ ਲੋਕਾਂ ਅੱਗੇ ਰੱਖਿਆ। ਪਿੰਡਾਂ ਵਿੱਚ ਇਕੱਠ ਨੂੰ ਸੰਬੋਧਨ ਕਰਦੇ ਹੋਏ ਵਿਧਾਇਕਾ ਨੇ ਕਿਹਾ ਕਿ ਆਪ ਸਰਕਾਰ ਨੇ ਸੱਤਾ ਸੰਭਾਲਣ ਤੋਂ ਬਾਅਦ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਨਿਭਾਉਣ ਲਈ ਪੂਰੀ ਇਮਾਨਦਾਰੀ ਨਾਲ ਕੰਮ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸਿੱਖਿਆ ਦੇ ਖੇਤਰ ਵਿੱਚ ਸਰਕਾਰੀ ਸਕੂਲਾਂ ਦੀ ਕਾਇਆ-ਕਲਪ ਕੀਤੀ ਗਈ ਹੈ ਅਤੇ ਸਿਹਤ ਖੇਤਰ ਵਿੱਚ ਮੁਹੱਲਾ ਕਲੀਨਿਕ ਖੋਲ੍ਹ ਕੇ ਆਮ ਲੋਕਾਂ ਨੂੰ ਨੇੜੇ ਹੀ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਘਰੇਲੂ ਖਪਤਕਾਰਾਂ ਨੂੰ 600 ਯੂਨਿਟ ਤੱਕ ਮੁਫ਼ਤ ਬਿਜਲੀ ਦੇਣ ਦਾ ਵਾਅਦਾ ਪੂਰਾ ਕਰਕੇ ਸਰਕਾਰ ਨੇ ਵੱਡੀ ਰਾਹਤ ਦਿੱਤੀ ਹੈ। ਇਸ ਤੋਂ ਇਲਾਵਾ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾ ਕੇ ਨਸ਼ੇ ਦੇ ਖਾਤਮੇ ਲਈ ਕੜੇ ਕਦਮ ਚੁੱਕੇ ਗਏ ਹਨ। ਵਿਧਾਇਕਾ ਨੇ ਦੱਸਿਆ ਕਿ ਨੌਜਵਾਨਾਂ ਲਈ ਵੱਡੇ ਪੱਧਰ ‘ਤੇ ਸਰਕਾਰੀ ਨੌਕਰੀਆਂ ਦੇ ਮੌਕੇ ਮੁਹੱਈਆ ਕਰਵਾਏ ਗਏ ਹਨ, ਜਿਸ ਨਾਲ ਬੇਰੁਜ਼ਗਾਰੀ ਘਟਾਉਣ ਵਿੱਚ ਮਦਦ ਮਿਲੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਮਹਿਲਾਵਾਂ ਦੀ ਭਲਾਈ ਲਈ ਸਰਕਾਰ ਵੱਲੋਂ 1000 ਰੁਪਏ ਅਤੇ 1500 ਰੁਪਏ ਮਹੀਨਾਵਾਰ ਸਹਾਇਤਾ ਦੇਣ ਦੇ ਵਾਅਦੇ ਵੀ ਕੀਤੇ ਗਏ ਹਨ, ਜਿਨ੍ਹਾਂ ਨੂੰ ਪੂਰਾ ਕਰਨ ਲਈ ਯਤਨ ਜਾਰੀ ਹਨ। ਇਸ ਤੋਂ ਇਲਾਵਾ ਪਿੰਡਾਂ ਵਿੱਚ ਸੜਕਾਂ, ਪੀਣ ਵਾਲੇ ਪਾਣੀ ਅਤੇ ਸਫਾਈ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਵੀ ਵੱਡੇ ਪੱਧਰ ‘ਤੇ ਕੰਮ ਕੀਤੇ ਗਏ ਹਨ। ਉਨ੍ਹਾਂ ਦਾਅਵਾ ਕੀਤਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਹੋਇਆ ਵਿਕਾਸ ਲੋਕਾਂ ਨੂੰ ਸਪਸ਼ਟ ਤੌਰ ‘ਤੇ ਨਜ਼ਰ ਆ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੱਡੇ ਪ੍ਰੋਜੈਕਟਾਂ ਦੀ ਸ਼ੁਰੂਆਤ ਕੀਤੀ ਜਾਵੇਗੀ। ਇਸ ਮੌਕੇ ਪਿੰਡਾਂ ਦੇ ਵਸਨੀਕਾਂ ਵੱਲੋਂ ਵਿਧਾਇਕਾ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਲੋਕਾਂ ਨੇ ਆਪਣੀਆਂ ਸਮੱਸਿਆਵਾਂ ਵੀ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੀਆਂ, ਜਿਨ੍ਹਾਂ ਨੂੰ ਸੁਣਦੇ ਹੋਏ ਵਿਧਾਇਕਾ ਨੇ ਭਰੋਸਾ ਦਿਵਾਇਆ ਕਿ ਹਰ ਜਾਇਜ਼ ਮੰਗ ਨੂੰ ਪਹਿਲ ਦੇ ਆਧਾਰ ‘ਤੇ ਹੱਲ ਕੀਤਾ ਜਾਵੇਗਾ। ਦੌਰੇ ਦੌਰਾਨ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਇਲਾਕਾ ਵਾਸੀ ਮੌਜੂਦ ਰਹੇ, ਜਿਨ੍ਹਾਂ ਨੇ ਸਰਕਾਰ ਦੇ ਕੰਮਾਂ ‘ਤੇ ਸੰਤੁਸ਼ਟੀ ਜਤਾਈ ਅਤੇ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਵਿਕਾਸ ਜਾਰੀ ਰੱਖਣ ਦੀ ਉਮੀਦ ਪ੍ਰਗਟ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਾਕ ਪ੍ਰਧਾਨ ਬਿੱਕਰ ਸਿੰਘ ਨਥੇਹਾ, ਰਣਜੀਤ ਕੌਰ ਨਥੇਹਾ ਬਲਾਕ ਪ੍ਰਧਾਨ ਮਹਿਲਾ ਵਿੰਗ, ਹਰਜੀਤ ਸਿੰਘ ਸਰਾਂ ਹਲਕਾ ਕੋਆਰਡੀਨੇਟਰ, ਸਿਮਰਜੀਤ ਸਿੰਘ ਫੌਜੀ ਯੂਥ ਹਲਕਾ ਕੋਆਰਡੀਨੇਟਰ, ਕੁਲਵੰਤ ਸਿੰਘ ਸੀਂਗੋ, ਪ੍ਰਗਟ ਸਿੰਘ ਸੀਂਗੋ, ਰਣਦੀਪ ਸਿੰਘ ਸਰਪੰਚ ਸੀਂਗੋ,, ਮਹਿਮਾ ਸਿੰਘ, ਨਵਦੀਪ ਗੋਲੇਵਾਲਾ, ਮੇਵਾ ਸਿੰਘ ਸਰਪੰਚ ਰਾਈਆ, ਬਲਾਕ ਪ੍ਰਧਾਨ ਹਰਮੰਦਰ ਸਿੰਘ ਬਰਾੜ, ਭੋਲਾ ਸਿੰਘ ਸਰਪੰਚ ਗਹਿਲੇਵਾਲਾ, ਬਲਕਰਨ ਸਿੰਘ ਪਿੰਡ ਪ੍ਰਧਾਨ ਗਹਿਲੇਵਾਲਾ, ਨਜ਼ਮ ਸਿੰਘ ਪਿੰਡ ਪ੍ਰਧਾਨ ਮੈਨੂੰਆਣਾ, ਮਹਿੰਗਾ ਸਿੰਘ ਪਿੰਡ ਪ੍ਰਧਾਨ ਮਿਰਜੇਆਣਾ, ਮਨਜਿੰਦਰ ਸਿੰਘ ਮਿਰਜੇਆਣਾ ਆਦਿ ਹਾਜ਼ਰ ਸਨ।

# ਪੰਜਾਬ ਸਰਕਾਰ ਨੇ ਸੜਕਾਂ ਦੀ ਕਾਇਆ ਕਲਪ ਕਰ ਕੇ ਖੋਲ੍ਹੇ ਤਰੱਕੀ ਦੇ ਰਾਹ: ਹਰਪਾਲ ਸਿੰਘ ਚੀਮਾ

**ਕੈਬਨਿਟ ਮੰਤਰੀ ਨੇ ਦਿੜ੍ਹਬਾ ਤੋਂ ਕਮਾਲਪੁਰ, ਦਿਆਲਗੜ੍ਹ ਤੋਂ ਕਮਾਲਪੁਰ ਅਤੇ ਕਮਾਲਪੁਰ ਤੋਂ ਬਘਰੌਲ ਤਕ ਕਰੀਬ 20 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਜਾ ਰਹੀ 18 ਫੁੱਟੀ ਸੜਕ ਦਾ ਕੰਮ ਸ਼ੁਰੂ ਕਰਵਾਇਆ**



**ਦਿੜ੍ਹਬਾ ( ਰਣਜੀਤ ਸਿੰਘ ਪੇਧਨੀ )**-ਵਿੱਤ ਮੰਤਰੀ, ਪੰਜਾਬ, ਸ੍ਰ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਪੰਜਾਬ ਅੰਦਰ ਸੜਕਾਂ ਦਾ ਜਾਲ ਵਿਛਾ ਕੇ ਅਤੇ ਸੜਕਾਂ ਦੀ ਕਾਇਆ ਕਲਪ ਕਰ ਕੇ ਪੰਜਾਬ ਨੂੰ ਤਰੱਕੀ ਦੀਆਂ ਲੀਹਾਂ ਉੱਤੇ ਮੁੜ ਲਿਆਂਦਾ ਗਿਆ ਹੈ। ਪੰਜਾਬ ਦਾ ਕੋਈ ਪਿੰਡ ਜਾਂ ਅਜਿਹਾ ਸ਼ਹਿਰ ਨਹੀਂ ਜਿਹੜਾ ਕਿ ਸੜਕੀ ਮਾਰਗ ਨਾਲ ਜੋੜਨ ਤੋਂ ਰਹਿ ਗਿਆ ਹੋਵੇ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਪਿੰਡ ਕਮਾਲਪੁਰ ਵਿਖੇ ਦਿੜ੍ਹਬਾ ਤੋਂ ਕਮਾਲਪੁਰ, ਦਿਆਲਗੜ੍ਹ ਤੋਂ ਕਮਾਲਪੁਰ ਅਤੇ ਕਮਾਲਪੁਰ ਤੋਂ ਬਘਰੌਲ ਤਕ ਕਰੀਬ 20 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਜਾ ਰਹੀ 18 ਫੁੱਟੀ ਸੜਕ ਦਾ ਕੰਮ ਸ਼ੁਰੂ ਕਰਾਉਣ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕੀਤਾ। ਉਹਨਾਂ ਕਿਹਾ ਕਿ ਮੁੱਖ ਮੰਤਰੀ, ਸ੍ਰ ਭਗਵੰਤ ਸਿੰਘ ਮਾਨ ਦੁਆਰਾ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਦਾ ਸਪਨਾ ਸੱਚ ਹੁੰਦਾ ਨਜ਼ਰ ਆ ਰਿਹਾ ਹੈ। ਉਹਨਾਂ ਦੀ ਦੂਰਦਰਸ਼ੀ ਸੋਚ ਸਦਕਾ ਹਰ ਇੱਕ ਪਿੰਡ ਅਤੇ ਸ਼ਹਿਰ ਨੂੰ ਸੜਕੀ ਮਾਰਗ ਨਾਲ ਜੋੜਨ ਤੇ ਸੜਕਾਂ ਦੀ ਕਾਇਆ ਕਲਪ ਦਾ ਉਪਰਾਲਾ ਹੋ ਰਿਹਾ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਜਿਹੜੀ ਸੜਕ ਦਾ ਅੱਜ ਕੰਮ ਸ਼ੁਰੂ ਕਰਵਾਇਆ ਹੈ, ਉਸ ਦਾ ਪਿਛਲੇ ਕਰੀਬ 15-16 ਸਾਲਾਂ ਤੋਂ ਪਿੰਡਾਂ ਦੇ ਲੋਕ ਬਣਨ ਦਾ ਇੰਤਜ਼ਾਰ ਕਰ ਰਹੇ ਸਨ। ਇਹ ਸੜਕ ਦਿਆਲਗੜ੍ਹ ਤੋਂ ਕਮਾਲਪੁਰ, ਦਿੜ੍ਹਬਾ ਤੋਂ ਕਮਾਲਪੁਰ ਅਤੇ ਕਮਾਲਪੁਰ ਤੋਂ ਬਘਰੌਲ ਤੱਕ ਬਣਾਈ ਜਾ ਰਹੀ ਹੈ, ਜਿਸ ਦੀ ਲੰਬਾਈ ਕਰੀਬ 31 ਕਿਲੋਮੀਟਰ ਹੈ ਅਤੇ ਇਹ ਸਾਰੀ ਸੜਕ 18 ਫੁੱਟ ਚੌੜੀ ਬਣਾਈ ਜਾ ਰਹੀ ਹੈ, ਜਿਸ ’ਤੇ ਕਰੀਬ 20 ਕਰੋੜ ਦੀ ਰਾਸ਼ੀ ਖਰਚ ਕੀਤੀ ਜਾ ਰਹੀ ਹੈ। ਇਸ ਸੜਕ ਦੇ ਬਣਨ ਨਾਲ ਦਿੜ੍ਹਬਾ ਤੋਂ ਸਮਾਣਾ ਜਾਣ ਵਾਲੇ ਲੋਕਾਂ ਲਈ ਕਰੀਬ 15 ਪਿੰਡਾਂ ਨੂੰ ਫਾਇਦਾ ਹੋਵੇਗਾ, ਇਸ ਨਾਲ ਲੋਕਾਂ ਦਾ ਪੈਸਾ ਵੀ ਬਚੇਗਾ ਤੇ ਸਮਾਂ ਵੀ ਬਚੇਗਾ। ਸ੍ਰ ਚੀਮਾ ਨੇ ਅੱਗੇ ਕਿਹਾ ਕਿ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੀ ਸੜਕਾਂ ਨੂੰ ਸੁਧਾਰਨ ਦੀ ਨੀਤੀ ਦੇ ਸਦਕਾ ਅਤੇ ਸੜਕ ਸੁਰਖਿਆ ਫੋਰਸ ਤੈਨਾਤ ਕਰਨ ਨਾਲ ਸੜਕੀ ਹਾਦਸਿਆਂ ਵਿੱਚ 50 ਫ਼ੀਸਦ ਦੀ ਕਮੀ ਆਈ ਹੈ, ਜਿਸ ਦੀ ਚਰਚਾ ਵਿਸ਼ਵ ਪੱਧਰ ਉੱਤੇ ਹੋ ਰਹੀ ਹੈ। ਹਲਕਾ ਦਿੜ੍ਹਬਾ ਦੇ ਵਿਕਾਸ ਬਾਰੇ ਗੱਲ ਕਰਦਿਆਂ ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਇਸ ਤੋਂ ਪਹਿਲਾਂ ਹਲਕਾ ਦਿੜ੍ਹਬਾ ਨੂੰ ਪਛੜਿਆ ਹੋਏ ਹਲਕੇ ਦੇ ਨਾਂ ਨਾਲ ਜਾਣਿਆ ਜਾਂਦਾ ਸੀ ਪਰ ਇਸ ਸਮੇਂ ਸਾਰੇ ਪੰਜਾਬ ਵਿੱਚ ਹਲਕਾ ਦਿੜ੍ਹਬਾ ਵਿਕਾਸ ਦੇ ਪੱਖੋਂ ਇੱਕ ਨਮੂਨਾ ਬਣ ਕੇ ਅੱਗੇ ਆ ਰਿਹਾ ਹੈ। ਸਾਰੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਵਿਕਾਸ ਕਾਰਜ ਚੱਲ ਰਹੇ ਹਨ ਹਲਕਾ ਦਿੜ੍ਹਬੇ ਦਾ ਕੋਈ ਇਹੋ ਜਿਹਾ ਪਿੰਡ ਨਹੀਂ ਜਿੱਥੇ ਕੋਈ ਕੰਮ ਨਾ ਚੱਲ ਰਿਹਾ ਹੋਵੇ। ਅਸਲ ਦੇ ਵਿੱਚ ਇਸੇ ਤਰੱਕੀ ਨੂੰ ਹੀ ਰੰਗਲਾ ਪੰਜਾਬ ਕਿਹਾ ਜਾਂਦਾ ਹੈ। ਇਸ ਮੌਕੇ ਓਐਸਡੀ ਤਪਿੰਦਰ ਸਿੰਘ ਸੋਹੀ, ਐਸਡੀਓ ਪੀਡਬਲਯੂਡੀ ਦਲਜੀਤ ਸਿੰਘ, ਸਰਪੰਚ ਗੁਰਲਾਲ ਸਿੰਘ, ਨਗਰ ਪੰਚਾਇਤ ਦਿੜ੍ਹਬਾ ਦੇ ਪ੍ਰਧਾਨ ਮਨਿੰਦਰ ਸਿੰਘ ਘੁਮਾਣ, ਪਿੰਡਾਂ ਦੇ ਪੰਚ ਸਰਪੰਚ ਅਤੇ ਵੱਡੀ ਗਿਣਤੀ ਪਿੰਡਾਂ ਦੇ ਲੋਕ ਹਾਜ਼ਰ ਸਨ।

# ਪੰਜਾਬ ਦੇ ਲੋਕ 2027 ’ਚ ਦੁਬਾਰਾ ਫੇਰ ਭਗਵੰਤ ਸਿੰਘ ਮਾਨ ਨੂੰ ਮੁੱਖ ਮੰਤਰੀ ਬਣਾਉਗੇ ਦਰਸ਼ਨ ਸਿੰਘ ਪਾਠਕ

## 16 ਪਿੰਡਾਂ ਦੇ ਦੌਰੇ ਦੌਰਾਨ ਮਿਲਿਆ ਭਰਵਾਂ ਹੁੰਗਾਰਾ



**ਧੂਰੀ ( ਰਣਜੀਤ ਸਿੰਘ ਪੇਧਨੀ)** -‘ਆਪ ਦੇ ਸੀਨੀਅਰ ਆਗੂ ਅਤੇ ਹਲਕਾ ਧੂਰੀ ਦੇ ਕੋਆਰਡੀਨੇਟਰ ( ਐਜੂਕੇਸ਼ਨ ਵਿੰਗ) ਸ. ਦਰਸ਼ਨ ਸਿੰਘ ਪਾਠਕ ਨੇ ਦਾਅਵਾ ਕੀਤਾ ਹੈ ਕਿ 2027 ਵਿੱਚ ਸ੍ਰੀ ਭਗਵੰਤ ਸਿੰਘ ਮਾਨ ਦੁਬਾਰਾ ਮੁੱਖ ਮੰਤਰੀ ਬਣਨਗੇ, ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਦੇ ਨਾਲ’ ਦੇ ਤਹਿਤ ਕਰਵਾਏ ਜਨ ਸਭਾਵਾਂ ਵਿੱਚ ਪਾਰਟੀ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਹਾਲ ਹੀ ਵਿੱਚ ਉਹਨਾਂ ਵੱਲੋਂ ਵੱਖ-ਵੱਖ 15 ਪਿੰਡਾਂ ਦਾ ਦੌਰਾ ਕੀਤਾ ਗਿਆ, ਜਿੱਥੇ ਲੋਕਾਂ ਨਾਲ ਸਿੱਧੀ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ , ਮੌਕੇ ਤੇ ਹੀ ਹੱਲ ਕਰਵਾਇਆ ਗਿਆ ਅਤੇ ਸਰਕਾਰ ਦੀਆਂ ਪੂਰੀਆਂ ਕੀਤੀਆਂ ਗਰਾਂਟੀਆਂ , ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਦੌਰਾਨ ਲੋਕਾਂ ਵੱਲੋਂ ਆਮ ਆਦਮੀ ਪਾਰਟੀ ਦੀ ਸਰਕਾਰ ਦੇ ਕੰਮਾਂ ਦੀ ਸਰਾਹਨਾ ਵੀ ਕੀਤੀ ਗਈ।ਦਰਸ਼ਨ ਸਿੰਘ ਪਾਠਕ ਨੇ ਕਿਹਾ ਕਿ ਪਿੰਡ ਪੱਧਰ ’ਤੇ ਸਰਕਾਰ ਦੀਆਂ ਪ੍ਰਾਪਤੀਆਂ—ਜਿਵੇਂ ਕਿ ਸਿੱਖਿਆ, ਸਿਹਤ ਤੇ ਬਿਜਲੀ ਦੇ ਖੇਤਰ ਵਿੱਚ ਕੀਤੇ ਕੰਮ ਲੋਕਾਂ ਤੱਕ ਪਹੁੰਚ ਰਹੇ ਹਨ ਅਤੇ ਇਸ ਕਾਰਨ ਲੋਕਾਂ ਦਾ ਭਰੋਸਾ ਲਗਾਤਾਰ ਵੱਧ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਪਾਰਟੀ ਵੱਲੋਂ ਚਲਾਈ ਜਾ ਰਹੀ ਜਨ ਸੰਪਰਕ ਮੁਹਿੰਮ ਦਾ ਮਕਸਦ ਲੋਕਾਂ ਨਾਲ ਸਿੱਧਾ ਸੰਵਾਦ ਕਰਨਾ ਹੈ, ਤਾਂ ਜੋ ਉਨ੍ਹਾਂ ਦੀਆਂ ਉਮੀਦਾਂ ਤੇ ਖਰਾ ਉਤਰਿਆ ਜਾ ਸਕੇ। ਉਨ੍ਹਾਂ ਦਾ ਵਿਸ਼ਵਾਸ ਹੈ ਕਿ ਇਸ ਵਾਰ ਵੀ ਲੋਕ ਆਮ ਆਦਮੀ ਪਾਰਟੀ ਨੂੰ ਭਾਰੀ ਬਹੁਮਤ ਨਾਲ ਜਿਤਾਉਣਗੇ। ਇਸ ਮੌਕੇ ਉਨ੍ਹਾਂ ਨਾਲ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰਛਪਾਲ ਸਿੰਘ ਭੁੱਲਰ, ਯੂਥ ਆਗੂ ਪਰਮਜੀਤ ਸਿੰਘ ਬਿੰਦੀ , ਸਰਪੰਚ ਜਗਰੂਪ ਸਿੰਘ, ਸਰਪੰਚ ਦਵਿੰਦਰ ਸਿੰਘ ਧੂਰਾ, ਅਰਸ਼ਦੀਪ ਸਿੰਘ ਪੂਨੀਆਂ ਵੀ ਉਹਨਾਂ ਨਾਲ ਮੌਜੂਦ ਰਹੇ।

# ਚੌਂਕ ਮਹਿਤਾ ਦੇ ਐਸ ਐਚ ਉ ਨੂੰ ਮੁਬਾਰਕਾਂ ਦਿੰਦੇ ਹੋਏ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ ਸ਼ਿਵਰਾਜ ਸਿੰਘ ਭੀਲੋਵਾਲ



**ਚੌਂਕ ਮਹਿਤਾ, 6 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਚੌਂਕ ਮਹਿਤਾ ਦੇ ਨਵੇਂ ਆਏ ਐਸ ਐਚ ਉ ਸ, ਜਸਦੀਪ ਸਿੰਘ ਜੀ ਨੂੰ ਮੁਬਾਰਕਾਂ ਦਿੰਦੇ ਹੋਏ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸਰਪੰਚ ਕੁਲਵਿੰਦਰ ਸਿੰਘ ਮਿੱਠਾ ਚੰਨਣਕੇ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ਼ਿਵਰਾਜ ਸਿੰਘ ਭੀਲੋਵਾਲ ਨੇ ਮੁਬਾਰਕਾਂ ਦਿੱਤੀਆਂ। ਇਸ ਮੌਕੇ ਤੇ ਐਸ ਐਚ ਉ ਸ ਜਸਦੀਪ ਸਿੰਘ ਨੇ ਕਿਹਾ ਕਿ ਮੈਂ ਇਲਾਕੇ ਦੀ ਸੇਵਾ ਦਿਨ ਰਾਤ ਇੱਕ ਕਰਕੇ ਕਰਾਂਗਾ। ਅਤੇ ਮਾੜੇ ਅਨਸਰਾਂ ਨੂੰ ਨੱਥ ਪਾਈ ਜਾਵੇਗੀ। ਉਹਨਾਂ ਨੇ ਕਿਹਾ ਕਿ ਨਸ਼ੇ ਬਾਰੇ ਕੋਈ ਵਿਅਕਤੀ ਬਖਸ਼ਿਆ ਨਹੀਂ ਜਾਵੇਗਾ। ਮੈਨੂੰ ਇਲਾਕੇ ਦੇ ਚੰਗੇ ਲੋਕਾਂ ਦੀ ਸਹਾਇਤਾ ਚਾਹੀਦੀ ਹੈ ਹਰ ਇਕ ਚੰਗੇ ਵਿਅਕਤੀ ਦਾ ਥਾਣੇ ਵਿੱਚ ਮਾਨ ਸਨਮਾਨ ਕੀਤਾ ਜਾਵੇਗਾ।

# ਪੰਜਾਬ ਸਰਕਾਰ ਵੱਲੋਂ ਆਰੰਭ ਮੁੱਖ ਮੰਤਰੀ ਧਾਰਮਿਕ ਯਾਤਰਾ ਤਹਿਤ ਸੀਨੀਅਰ ਸਿਟੀਜਨ ਸੋਸਾਇਟੀ ਦਾ ਤਿੰਨ ਦਿਨਾਂ ਧਾਰਮਿਕ ਟੂਰ ਅੰਮ੍ਰਿਤਸਰ ਲਈ ਹੋਇਆ ਰਵਾਨਾ

**ਬਰਨਾਲਾ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ )**- ਮੁੱਖ ਮੰਤਰੀ ਧਾਰਮਿਕ ਯਾਤਰਾ ਤਹਿਤ ਸੀਨੀਅਰ ਸਿਟੀਜਨ ਸੋਸਾਇਟੀ ਰਜਿ. ਬਰਨਾਲਾ ਦਾ ਤਿੰਨ ਦਿਨਾਂ ਧਾਰਮਿਕ ਟੂਰ ਪ੍ਰਧਾਨ ਜੀ ਸੀ ਗੋਇਲ ਅਤੇ ਪ੍ਰੋਜੈਕਟ ਚੇਅਰਮੈਨ ਗਿਆਨ ਚੰਦ ਸਿੰਗਲਾ ਦੀ ਅਗਵਾਈ ਵਿੱਚ ਚਿੰਟੂ ਪਾਰਕ ਦਫਤਰ ਤੋਂ ਰਵਾਨਾ ਹੋਇਆ। ਇਹ ਟੂਰ ਮੁੱਖ ਮੰਤਰੀ ਵੱਲੋਂ ਬਣਾਈ ਗਈ ਟੀਮ ਜਿਸ ਵਿੱਚ ਮੈਡਮ ਸੁਧਾ ਬੰਸਲ, ਸੁਖਪਾਲ ਸਿੰਘ ਅਤੇ ਹੋਰ ਮੈਂਬਰ ਵੀ ਸ਼ਾਮਿਲ ਸਨ ਅਤੇ ਜਨਰਲ ਸਕੱਤਰ ਰਜਿੰਦਰ ਪ੍ਰਸਾਦ ਸਿੰਗਲਾ, ਸੀਨੀਅਰ ਵਾਈਸ ਪ੍ਰਧਾਨ ਅਮਰਜੀਤ ਸਿੰਘ ਭੁੱਲਰ ਵੱਲੋਂ ਬੱਸ ਨੂੰ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਰਵਾਨਾ ਹੋਣ ਤੋਂ ਪਹਿਲਾਂ ਸਾਰੇ ਜਾਣ ਵਾਲੇ ਮੈਂਬਰਾਂ ਦੇ ਹਾਰ ਅਤੇ ਆਡੈਂਟੀ ਕਾਰਡ ਗਲਾਂ ਵਿੱਚ ਪਾਏ ਗਏ ਅਤੇ ਲੱਡੂ ਵੰਡੇ ਗਏ। ਇਸ ਟੂਰ ਵਿੱਚ 16 ਲੇਡੀਜ ਅਤੇ 29 ਜੈਂਟਸ ਸ਼ਾਮਿਲ ਸਨ। ਇੰਚਾਰਜ ਸੁਧਾ ਬਾਂਸਲ ਨੇ ਦੱਸਿਆ ਕਿ ਇਹ ਟੂਰ ਤਿੰਨ ਦਿਨਾਂ ਦਾ ਹੈ ਜਿਸ ਵਿੱਚ ਪਹਿਲੇ ਦਿਨ ਦੁਰਗਿਆਣਾ ਮੰਦਰ, ਦੂਸਰੇ ਦਿਨ ਸ੍ਰੀ ਹਰਿਮੰਦਰ ਸਾਹਿਬ ਬਾਘਾ ਬਾਰਡਰ, ਜਿਲਿਆਂ ਵਾਲਾ ਬਾਗ ਅਤੇ ਤੀਸਰੇ ਦਿਨ ਰਾਮ ਤੀਰਥ ਦੇ ਦਰਸ਼ਨ ਕਰਕੇ ਵਾਪਸੀ ਕੀਤੀ ਜਾਵੇਗੀ। ਇਸ ਟੂਰ ਦੌਰਾਨ ਰਹਿਣ ਅਤੇ ਖਾਣ ਪੀਣ ਦਾ ਸਾਰਾ ਖਰਚਾ ਮੁੱਖ ਮੰਤਰੀ ਸਕੀਮ ਅਧੀਨ ਪੰਜਾਬ ਸਰਕਾਰ ਵੱਲੋਂ ਦਿੱਤਾ ਗਿਆ। ਸੁਸਾਇਟੀ ਦੇ ਪ੍ਰਧਾਨ ਜੀ ਸੀ ਗੋਇਲ ਨੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਸਰਕਾਰ ਦਾ ਬਹੁਤ ਵੱਡਾ ਉਪਰਾਲਾ ਹੈ। ਸੀਨੀਅਰ ਸਿਟੀਜਨਜ ਲਈ ਇਹ ਟੂਰ ਬਹੁਤ ਹੀ ਵਧੀਆ ਅਤੇ ਮਨੋਰੰਜਨ ਭਰਪੂਰ ਰਹੇਗਾ। ਉਨਾ ਮੁੱਖ ਮੰਤਰੀ ਵੱਲੋਂ ਟੂਰ ਦਾ ਪ੍ਰਬੰਧ ਕਰਨ ਲਈ ਲਗਾਈ ਗਈ ਟੀਮ ਦਾ ਵੀ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ। ਇਸ ਮੌਕੇ ਸੋਸਾਇਟੀ ਮੈਂਬਰ ਰਮੇਸ਼ ਭਾਰਦਵਾਜ਼ ਬਲਦੀਪ ਸਿੰਘ ਬੱਲੀ ਰਾਜ ਕੁਮਾਰ ਅਗਰਵਾਲ ਮੌਜੂਦ ਸਨ।

### ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿਖੇ

# ਸੁਖਮਨੀ ਸਾਹਿਬ ਦੇ ਪਾਠ ਅਤੇ ਸ਼ਬਦ ਕੀਰਤਨ ਨਾਲ ਹੋਈ ਨਵੇਂ ਸੈਸ਼ਨ ਦੀ ਸ਼ੁਰੂਆਤ











ਹਠੂਰ/ਜਗਰਾਉਂ –(ਵਰਿਆਮ ਹਠੂਰ) ਇਲਾਕੇ ਦੀ ਨਾਮਵਾਰ ਵਿੱਦਿਅਕ ਸੰਸਥਾ ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿਖੇ ਸਲਾਨਾ ਸ਼ਾਨਦਾਰ ਨਤੀਜੇ ਤੋਂ ਬਾਅਦ ਨਵੇਂ ਸੈਸ਼ਨ ਦੀ ਸ਼ੁਰੂਆਤ ਸੁਖਮਨੀ ਸਾਹਿਬ ਦੇ ਪਾਠ ਅਤੇ ਕੀਰਤਨ ਨਾਲ ਹੋਈ। ਸਮੂਹ ਸਕੂਲ ਦੇ ਸਟਾਫ ਅਤੇ ਬੱਚਿਆਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ ਤੇ ਬੱਚਿਆਂ ਦੁਆਰਾ ਸ਼ਬਦ ਕੀਰਤਨ ਕੀਤਾ ਗਿਆ, ਤੇ ਬੱਚਿਆਂ ਨੂੰ ਚੰਗੀ ਵਿੱਦਿਆ, ਅੱਛੇ ਸੰਸਕਾਰਾਂ ਲਈ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ, ਸਮੂਹ ਸਕੂਲ ਸਟਾਫ ਅਤੇ ਬੱਚਿਆਂ ਨੇ ਸ਼ਾਂਤਮਈ ਮਾਹੌਲ ਵਿੱਚ ਇਕਾਗਰਤਾ ਅਤੇ ਧਾਰਮਿਕ ਰੁਚੀ ਨਾਲ ਨਵੇਂ ਸੈਸ਼ਨ ਦੀ ਅਰੰਭਤਾ ਕੀਤੀ। ਨਵੇਂ ਸੈਸ਼ਨ ਦੀ ਸ਼ੁਰੂਆਤ ਮੌਕੇ ਸਕੂਲ ਦੇ ਬੱਚਿਆਂ ਅਤੇ ਸਟਾਫ਼ ਦੇ ਚਿਹਰਿਆਂ ਤੇ ਖੁਸ਼ੀ ਦੀਆਂ ਛੱਲਾਂ ਸਾਫ ਨਜ਼ਰ ਆ ਰਹੀਆਂ ਸਨ। ਇਸ ਮੌਕੇ ਗੱਲਬਾਤ ਕਰਦਿਆਂ ਸਕੂਲ ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਕਿਹਾ ਕਿ ਨਵੇਂ ਸੈਸ਼ਨ ਦੀ ਸ਼ੁਰੂਆਤ ਸਮੂਹ ਸਕੂਲ ਸਟਾਫ ਅਤੇ ਬੱਚਿਆਂ ਵੱਲੋਂ ਸੁਖਮਨੀ ਸਾਹਿਬ ਦੇ ਪਾਠ, ਸ਼ਬਦ ਕੀਰਤਨ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਦੁਆਰਾ ਕੀਤੀ ਗਈ ਹੈ। ਜੇਕਰ ਅਸੀਂ ਸਤਿਗੁਰਾਂ ਦਾ ਓਟ ਆਸਰਾ ਲੈ ਕੇ ਕਿਸੇ ਵੀ ਖੇਤਰ ਵਿੱਚ ਪੁਲਾਂਘਾਂ ਪੁੱਟਦੇ ਹਾਂ ਤਾਂ ਵਾਹਿਗੁਰੂ ਆਪਣਾ ਮਿਹਰ ਭਰਿਆ ਹੱਥ ਰੱਖ ਕੇ ਮੰਜ਼ਿਲਾਂ ਸਰ ਕਰਵਾਉਂਦਾ ਹੈ। ਨਵੇਂ ਸੈਸ਼ਨ ਦੀ ਸ਼ੁਰੂਆਤ ਸੁਖਮਨੀ ਸਾਹਿਬ ਦੇ ਪਾਠ ਨਾਲ ਹੋਈ ਤੇ ਮਨ ਨੂੰ ਬਹੁਤ ਸਕੂਨ ਮਿਲਿਆ, ਵਾਹਿਗੁਰੂ ਅੱਗੇ ਅਰਦਾਸ ਹੈ। ਕਿ ਸਾਡੇ ਸਕੂਲ ਦੇ ਸਮੂਹ ਮਿਹਨਤੀ ਸਟਾਫ ਤੇ ਮਿਹਰ ਭਰਿਆ ਹੱਥ ਰੱਖੇ ਤਾਂ ਜੋ ਅਸੀਂ ਹਰ ਵਾਰ ਦੀ ਤਰ੍ਹਾਂ ਬੱਚਿਆਂ ਦਾ ਭਵਿੱਖ ਉੱਜਵਲ ਬਣਾਉਣ ਅਤੇ ਉਨ੍ਹਾਂ ਨੂੰ ਸਮੇਂ ਦੇ ਹਾਣੀ ਬਣਾਉਣ ਦੇ ਨਾਲ–ਨਾਲ ਧਾਰਮਿਕ ਰੁਚੀ, ਅਤੇ ਅੱਛੇ ਸੰਸਕਾਰ ਦੇ ਸਕੀਏ। ਪ੍ਰਿੰਸੀਪਲ ਅਜੇਪਾਲ ਸਿੰਘ ਧਾਲੀਵਾਲ ਅਤੇ ਵਾਇਸ ਪ੍ਰਿੰਸੀਪਲ ਮੈਡਮ ਮਨਪ੍ਰੀਤ ਕੌਰ ਧਾਲੀਵਾਲ ਨੇ ਅੱਗੇ ਕਿਹਾ ਕਿ ਸਾਡੇ ਸਕੂਲ ਵਿੱਚ ਬੱਚਿਆਂ ਨੂੰ ਚੰਗੀ ਵਿੱਦਿਆ ਦੇ ਨਾਲ–ਨਾਲ ਖੇਡਾਂ ਨਾਲ ਵੀ ਜੋੜਿਆ ਜਾਂਦਾ ਹੈ। ਤੇ ਸਕੂਲ ਵਿੱਚ ਹਰ ਤਰ੍ਹਾਂ ਦੀਆਂ ਐਕਟੀਵਿਟੀਆਂ ਕਰਵਾਈਆਂ ਜਾਂਦੀਆਂ ਹਨ। ਤੇ ਸਮੇਂ ਸਮੇਂ ਨਾਲ ਬੱਚਿਆਂ ਦੇ ਮਨੋਰੰਜਨ ਅਤੇ ਧਾਰਮਿਕ ਟੂਰ ਵੀ ਲਗਵਾਏ ਜਾਂਦੇ ਹਨ। ਅੰਤ ਵਿੱਚ ਉਨ੍ਹਾਂ ਕਿਹਾ ਕਿ ਜੋ ਨਵੇ ਬੱਚੇ ਅਡਮੀਸਨਾਂ ਕਰਵਾਉਣ ਦੇ ਯੋਗ ਹੋ ਚੁੱਕੇ ਹਨ। ਤੇ ਮਾਪੇ ਆਪਣੇ ਬੱਚਿਆਂ ਨੂੰ ਵਧੀਆ ਸਕੂਲ ਵਿੱਚ ਪੜ੍ਹਾਉਣ ਵਾਸਤੇ ਵਧੀਆ ਸਕੂਲ ਦੀ ਚੋਣ ਕਰਨ ਵਾਸਤੇ ਸੋਚ ਰਹੇ ਹਨ। ਉਹ ਇੱਕ ਵਾਰ ਸਾਡੇ ਆਈਡੀਅਲ ਕੌਨਵੈਂਟ ਸਕੂਲ ਹਠੂਰ ਵਿਖੇ ਪਹੁੰਚ ਕੇ ਸਕੂਲ ਸਟਾਫ ਨਾਲ ਗੱਲਬਾਤ ਕਰਨ ਤੇ ਸਕੂਲ ਬਾਰੇ ਅਤੇ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਜਾਨਣ ਅਸੀਂ ਬੱਚਿਆਂ ਨੂੰ ਚੰਗੀ ਵਿੱਦਿਆ ਅਤੇ ਅੱਛੇ ਸੰਸਕਾਰ ਦੇਣ ਲਈ ਹਮੇਸ਼ਾਂ ਦੀ ਤਰ੍ਹਾਂ ਬਚਨਵੱਧ ਹਾਂ ਤੇ ਨਿਰਾਸ਼ ਨਹੀਂ ਹੋਣ ਦਿਆਂਗੇ, ਇਸ ਮੌਕੇ ਮੈਡਮ ਚਰਨਜੀਤ ਕੌਰ, ਸੰਦੀਪ ਕੌਰ, ਹਰਪ੍ਰੀਤ ਕੌਰ, ਸੁਖਦੀਪ ਕੌਰ, ਅਮਨਜੋਤ ਕੌਰ, ਸੰਦੀਪ ਕੌਰ, ਹਰਵਿੰਦਰ ਕੌਰ, ਅਮਨਦੀਪ ਕੌਰ, ਮਧੂ, ਰਮਨਦੀਪ ਕੋਰ, ਗੁਰਪ੍ਰੀਤ ਕੌਰ, ਗੁਰਵਿੰਦਰ ਕੌਰ, ਗਗਨਦੀਪ ਕੌਰ, ਗੁਰਮੀਤ ਸਿੰਘ, ਹਰਕਰਨਪ੍ਰੀਤ ਸਿੰਘ, ਸਮੇਤ ਸਕੂਲ ਦੇ ਬੱਚੇ ਹਾਜ਼ਰ ਸਨ।

**ਨਵੇਂ ਸੈਸ਼ਨ ਦੀ ਸ਼ੁਰੂਆਤ ਸੁਖਮਨੀ ਸ਼ਾਹਿਬ ਦੇ ਪਾਠ ਨਾਲ ਹੋਈ ਤੇ ਮਨ ਨੂੰ ਬਹੁਤ ਸਕੂਨ ਮਿਲਿਆ-ਪ੍ਰਿੰਸੀਪਲ**

# ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਸੰਵਾਦ ਪ੍ਰੋਗਰਾਮ



**ਲਹਿਰਾਗਾਗਾ (ਰਣਜੀਤ ਸਿੰਘ ਪੇਧਨੀ)** -ਪੰਜਾਬ ਸਰਕਾਰ ਦੇ ਚਾਰ ਸਾਲਾਂ ਦੀਆਂ ਪ੍ਰਾਪਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਅਤੇ ਜਨਤਾ ਨਾਲ ਸਿੱਧਾ ਸੰਵਾਦ ਕਾਇਮ ਕਰਨ ਦੇ ਉਦੇਸ਼ ਨਾਲ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਹਲਕੇ ਦੇ ਪਿੰਡ ਚੂੜਲ ਕਲਾਂ, ਚੂੜਲ ਖੁਰਦ, ਗੁਰੂ ਨਾਨਕ ਨਗਰ, ਰਾਮਪੂਰਾ ਜਵਾਹਰਵਾਲਾ ਅਤੇ ਗੋਬਿੰਦਪੁਰਾ ਜਵਾਹਰਵਾਲਾ ਵਿੱਚ ਸੰਵਾਦ ਪ੍ਰੋਗਰਾਮ ਕਰਵਾਏ ਗਏ। ਇਨ੍ਹਾਂ ਪ੍ਰੋਗਰਾਮਾਂ ਦੌਰਾਨ ਕੈਬਨਿਟ ਮੰਤਰੀ ਸ਼੍ਰੀ ਗੋਇਲ ਨੇ ਪੰਜਾਬ ਸਰਕਾਰ ਵੱਲੋਂ ਪਿਛਲੇ ਚਾਰ ਸਾਲਾਂ ਵਿੱਚ ਕੀਤੇ ਗਏ ਵੱਡੇ ਵਿਕਾਸ ਕਾਰਜਾਂ ਅਤੇ ਲੋਕ–ਹਿਤੈਸ਼ੀ ਫ਼ੈਸਲਿਆਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ੍ਰ. ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਨੇ ਸਿੱਖਿਆ, ਸਿਹਤ, ਬਿਜਲੀ, ਪਾਣੀ, ਕਾਨੂੰਨ–ਵਿਵਸਥਾ ਅਤੇ ਭ੍ਰਿਸ਼ਟਾਚਾਰ ਖ਼ਿਲਾਫ਼ ਲੜਾਈ ਦੇ ਖੇਤਰ ਵਿੱਚ ਇਤਿਹਾਸਕ ਕਦਮ ਚੁੱਕੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਮੰਤਵ ਆਮ ਲੋਕਾਂ ਨੂੰ ਸੁਵਿਧਾਵਾਂ ਦੇਣ ਅਤੇ ਉਨ੍ਹਾਂ ਦੀ ਜ਼ਿੰਦਗੀ ਨੂੰ ਸੁਖਾਲਾ ਬਣਾਉਣਾ ਹੈ। ਇਸ ਦੇ ਨਾਲ ਹੀ ਉਨ੍ਹਾਂ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਵੀ ਧਿਆਨ ਨਾਲ ਸੁਣੀਆਂ ਗਈਆਂ ਅਤੇ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਹੱਲ ਲਈ ਨਿਰਦੇਸ਼ ਦਿੱਤੇ ਗਏ। ਕੈਬਨਿਟ ਮੰਤਰੀ ਗੋਇਲ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀ ਸਰਕਾਰ ਹੈ ਅਤੇ ਲੋਕਾਂ ਦੇ ਸਹਿਯੋਗ ਨਾਲ ਹੀ ਰਾਜ ਨੂੰ ਤਰੱਕੀ ਦੇ ਰਾਹ 'ਤੇ ਅੱਗੇ ਲਿਆਂਦਾ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਨੀਤੀਆਂ ਦਾ ਲਾਭ ਲੈਣ ਅਤੇ ਵਿਕਾਸ ਯਾਤਰਾ ਵਿੱਚ ਭਾਗੀਦਾਰ ਬਣਨ। ਇਨ੍ਹਾਂ ਸੰਵਾਦ ਪ੍ਰੋਗਰਾਮਾਂ ਵਿੱਚ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ, ਪਾਰਟੀ ਵਰਕਰਾਂ ਅਤੇ ਇਲਾਕੇ ਦੇ ਮਾਣਯੋਗ ਵਿਅਕਤੀਆਂ ਨੇ ਸ਼ਮੂਲੀਅਤ ਕੀਤੀ ਅਤੇ ਸਰਕਾਰ ਦੇ ਕੰਮਾਂ ਪ੍ਰਤੀ ਸੰਤੁਸ਼ਟੀ ਜਤਾਈ।

### ਖਾਲਸਾ ਕਾਲਜ ਨਰਸਿੰਗ ਵਿਖੇ ਫਰੈਸ਼ਰ ਪਾਰਟੀ ਆਯੋਜਿਤ

# ਨਵਜੋਤ ਕੌਰ ਮਿਸ ਫਰੈਸ਼ਰ ਅਤੇ ਜਸਪ੍ਰੀਤ ਸਿੰਘ ਮਿਸਟਰ ਫਰੈਸ਼ਰ ਦੇ ਖਿਤਾਬ ਨਾਲ ਨਿਵਾਜੇ



ਅੰਮ੍ਰਿਤਸਰ, 5 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)—ਖਾਲਸਾ ਕਾਲਜ ਆਫ ਨਰਸਿੰਗ ਵਿਖੇ ਨਵੇਂ ਵਿਦਿਆਰਥੀਆਂ ਦਾ ਸਵਾਗਤ ਕਰਨ ਲਈ ਫਰੈਸ਼ਰ ਪਾਰਟੀ ਦਾ ਆਯੋਜਨ ਕੀਤਾ ਗਿਆ।ਕਾਲਜ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ ਦੇ ਸਹਿਯੋਗ ਨਾਲ ਕਰਵਾਏ ਗਏ ਉਕਤ ਸਮਾਰੋਹ ਦਾ ਮੁੱਖ ਉਦੇਸ਼ ਨਵੇਂ ਵਿਦਿਆਰਥੀਆਂ ਨੂੰ ਕਾਲਜ ਦੇ ਮਾਹੌਲ ਨਾਲ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਸੀਨੀਅਰ ਵਿਦਿਆਰਥੀਆਂ ਨਾਲ ਮਿਲਾਪ ਦਾ ਮੌਕਾ ਦੇਣਾ ਸੀ। ਉਕਤ ਸਮਾਗਮ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਕੀਰਤਨ ਗਾਇਨ ਨਾਲ ਕੀਤੀ ਗਈ।ਉਪਰੰਤ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਨਵੇਂ ਵਿਦਿਆਰਥੀਆਂ ਨੂੰ ਜੀ ਆਇਆ ਕਹਿੰਦਿਆਂ ਭਵਿੱਖ ਲਈ ਸ਼ੁਭ ਇੱਛਾਵਾਂ ਦਿੱਤੀਆਂ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਆਪਣੀ ਪੜ੍ਹਾਈ 'ਚ ਲਗਨ ਅਤੇ ਸੇਵਾ ਭਾਵਨਾ ਨਾਲ ਅਗਾਂਹ ਵੱਧਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਨਰਸਿੰਗ ਸਿਰਫ਼ ਇਕ ਪੇਸ਼ਾ ਨਹੀਂ, ਸਗੋਂ ਮਨੁੱਖਤਾ ਦੀ ਸੇਵਾ ਕਰਨ ਦਾ ਸਭ ਤੋਂ ਵੱਡਾ ਜਰੀਆ ਹੈ।ਉਨ੍ਹਾਂ ਕਿਹਾ ਕਿ ਪਾਰਟੀ ਦੌਰਾਨ ਨਵੇਂ ਵਿਦਿਆਰਥੀਆਂ ਨੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੌਕੇ ਗਿੱਧਾ, ਭੰਗੜਾ, ਗੀਤ ਅਤੇ ਮਾਡਲਿੰਗ ਵਰਗੀਆਂ ਕਲਾਤਮਕ ਪੇਸ਼ਕਾਰੀਆਂ ਨੇ ਦਰਸ਼ਕਾਂ ਨੂੰ ਮੋਹ ਲਿਆ।ਇਸ ਮੌਕੇ ਨਵਜੋਤ ਕੌਰ "ਮਿਸ ਫਰੈਸ਼ਰ" ਅਤੇ ਜਸਪ੍ਰੀਤ ਸਿੰਘ "ਮਿਸਟਰ ਫਰੈਸ਼ਰ" ਦੇ ਖਿਤਾਬ ਨਾਲ ਨਿਵਾਜੇ ਗਏ।ਜਦਕਿ ਸਮਾਇਲਪ੍ਰੀਤ ਕੌਰ ਮਿਸ ਚਾਰਮਿੰਗ ਅਤੇ ਵਿਨੈ ਮਿਸਟਰ ਹੈਂਡਸਮ ਚੁਣੇ ਗਏ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਚੋਣ ਪੇਸ਼ਕਾਰੀ, ਆਤਮ—ਵਿਸ਼ਵਾਸ ਅਤੇ ਵਿਅਕਤੀਗਤ ਗੁਣਾਂ ਦੇ ਆਧਾਰ 'ਤੇ ਕੀਤੀ ਗਈ। ਉਨ੍ਹਾਂ ਕਿਹਾ ਕਿ ਸਮਾਰੋਹ ਮੌਕੇ ਸੀਨੀਅਰ ਵਿਦਿਆਰਥੀਆਂ ਨੇ ਵੀ ਨਵੇਂ ਵਿਦਿਆਰਥੀਆਂ ਨੂੰ ਪੂਰਾ ਸਹਿਯੋਗ ਦਿੰਦਿਆਂ ਮਿੱਠੇ ਰਿਸ਼ਤੇ ਬਣਾਏ।ਇਸ ਸਮਾਗਮ ਨੇ ਸਮੂਹ ਵਿਦਿਆਰਥੀਆਂ 'ਚ ਭਾਈਚਾਰੇ ਅਤੇ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕੀਤਾ।ਇਸ ਉਪਰੰਤ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮਾਂ ਨਾਲ ਸਨਮਾਨਿਤ ਵੀ ਕੀਤਾ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਜ਼ਿੰਦਗੀ ਦਾ ਇਕ ਖਾਸ ਅਨੁਭਵ ਪ੍ਰਦਾਨ ਕਰਨ ਲਈ ਇਸ ਤਰ੍ਹਾਂ ਦੀ ਫਰੈਸ਼ਰ ਪਾਰਟੀ ਕਾਲਜ ਵਿਖੇ ਕਰਵਾਈ ਜਾਂਦੀ ਹੈ ਤਾਂ ਜੋ ਜੀਵਨ 'ਚ ਵਿਦਿਆਰਥੀਆਂ ਲਈ ਇਹ ਇਕ ਯਾਦਗਾਰ ਪਲ ਬਣਿਆ ਰਹੇ।ਉਨ੍ਹਾਂ ਵਿਸ਼ਵਾਸ ਜਤਾਉਂਦਿਆਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਦੇ ਸਮੂਹਿਕ ਵਿਕਾਸ 'ਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਇਸ ਮੌਕੇ ਕਾਲਜ ਸਟਾਫ ਤੋਂ ਇਲਾਵਾ ਵਿਦਿਆਰਥੀ ਹਾਜ਼ਰ ਸਨ।ਉਨ੍ਹਾਂ ਕਿਹਾ ਕਿ ਸਮਾਰੋਹ ਮੌਕੇ ਸੀਨੀਅਰ ਵਿਦਿਆਰਥੀਆਂ ਨੇ ਵੀ ਨਵੇਂ ਵਿਦਿਆਰਥੀਆਂ ਨੂੰ ਪੂਰਾ ਸਹਿਯੋਗ ਦਿੰਦਿਆਂ ਮਿੱਠੇ ਰਿਸ਼ਤੇ ਬਣਾਏ।ਇਸ ਸਮਾਗਮ ਨੇ ਸਮੂਹ ਵਿਦਿਆਰਥੀਆਂ 'ਚ ਭਾਈਚਾਰੇ ਅਤੇ ਏਕਤਾ ਦੀ ਭਾਵਨਾ ਨੂੰ ਮਜ਼ਬੂਤ ਕੀਤਾ।ਇਸ ਉਪਰੰਤ ਪ੍ਰਿੰ: ਡਾ. ਅਮਨਪ੍ਰੀਤ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਇਨਾਮਾਂ ਨਾਲ ਸਨਮਾਨਿਤ ਵੀ ਕੀਤਾ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਜ਼ਿੰਦਗੀ ਦਾ ਇਕ ਖਾਸ ਅਨੁਭਵ ਪ੍ਰਦਾਨ ਕਰਨ ਲਈ ਇਸ ਤਰ੍ਹਾਂ ਦੀ ਫਰੈਸ਼ਰ ਪਾਰਟੀ ਕਾਲਜ ਵਿਖੇ ਕਰਵਾਈ ਜਾਂਦੀ ਹੈ ਤਾਂ ਜੋ ਜੀਵਨ 'ਚ ਵਿਦਿਆਰਥੀਆਂ ਲਈ ਇਹ ਇਕ ਯਾਦਗਾਰ ਪਲ ਬਣਿਆ ਰਹੇ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
+447458381111 +447976210161 +919729091243

ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ

# ਸਰਦਾਰ ਅਰੂੜ ਸਿੰਘ ਵੜੈਚ ਮਸਤਗੜ੍ਹ ਨੂੰ ਭੇਂਟ ਕੀਤੀ ਸ਼ਰਧਾਂਜਲੀ

## ਪ੍ਰਸਿੱਧ ਕੀਰਤਨੀਏ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਨੇ ਵੈਰਾਗਮਈ ਕੀਰਤਨ ਕੀਤਾ ਗਿਆਨੀ ਬੂਟਾ ਸਿੰਘ ਤਾਰਾਂਵਾਲੀ ਅਤੇ ਗਿਆਨੀ ਤੇਜਿੰਦਰ ਸਿੰਘ ਮਸਤਗੜ੍ਹ ਨੇ ਕਥਾ ਵੀਚਾਰ ਕੀਤੀ








ਕੈਂਥਲ ਦੇ ਪਿੰਡ ਮਸਤਗੜ੍ਹ ਨਿਵਾਸੀ ਮਾਲਕ ਸਿੰਘ ਵੜੈਚ ਤਰਸੇਮ ਸਿੰਘ ਵੜੈਚ ਦੇ ਪਿਤਾ ਸਤਿਕਾਰਯੋਗ ਸਰਦਾਰ ਅਰੂੜ ਸਿੰਘ ਜੀ ਦੀ ਅੰਤਿਮ ਅਰਦਾਸ ਸਮੇਂ ਅੱਜ ਉਨਾਂ ਦੇ ਪਿੰਡ ਮਸਤਗੜ੍ਹ ਨੇੜੇ ਚੀਕਾ ਜਿਲਾ ਕੈਥਲ ਗੁਰਦੁਆਰਾ ਸਾਹਿਬ ਵਿਖੇ ਅੰਬੈਸਡਰ ਫਾਰ ਪੀਸ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵਿਛੜੀ ਰੂਹ ਨੂੰ ਭਾਵਪੂਰਤ ਸ਼ਬਦਾਂ ਨਾਲ ਸ਼ਰਧਾਜ਼ਲੀ ਭੇਂਟ ਕੀਤੀ ਪ੍ਰਸਿੱਧ ਕੀਰਤਨੀਏ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਨੇ ਵੈਰਾਗਮਈ ਕੀਰਤਨ ਕੀਤਾ ਗਿਆਨੀ ਬੂਟਾ ਸਿੰਘ ਤਾਰਾਂਵਾਲੀ ਅਤੇ ਗਿਆਨੀ ਤੇਜਿੰਦਰ ਸਿੰਘ ਮਸਤਗੜ੍ਹ ਨੇ ਕਥਾ ਵੀਚਾਰ ਕੀਤੀ ਇਸ ਸਮੇਂ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਅਤੇ ਕਿਸਾਨ ਆਗੂ ਸ੍ਰੀ ਰਕੇਸ਼ ਟਿਕੈਤ ਸਮੇਤ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਰਦਾਰ ਗੁਰਮੀਤ ਸਿੰਘ ਰਾਮਸਰ ਸੀਨੀਅਰ ਮੀਤ ਪ੍ਰਧਾਨ ,ਸਰਦਾਰ ਕਰਨੈਲ ਸਿੰਘ ਨਿੰਮਨਾਬਾਦ ਅੰਤ੍ਰਿੰਗ ਮੈਂਬਰ ,ਜਥੇਦਾਰ ਸਵਰਨ ਸਿੰਘ ਬੁੰਗਾ ਟਿੱਬੀ ਮੈਂਬਰ ਪੰਚਕੂਲਾ ,ਸਰਪੰਚ ਭੁਪਿੰਦਰ ਸਿੰਘ ਲਾਡੀ ਪ੍ਰਧਾਨ ਮੈਂਬਰ ਪ੍ਰਤੀਨਿਧ ਬੀਬੀ ਕਪੂਰ ਕੌਰ ਸੌਂਕੜਾ ਕਰਨਾਲ ,ਸਰਦਾਰ ਮੇਜਰ ਗੂਹਲਾ ਮੈਂਬਰ ,ਸਰਦਾਰ ਸਤਿੰਦਰ ਸਿੰਘ ਮੰਟਾ ਰਸੀਦਾਂ ਸਾਬਕਾ ਮੈਂਬਰ ,ਸਰਦਾਰ ਅੰਗਰੇਜ ਸਿੰਘ ਗੁਰਾਇਆ ਸਾਬਕਾ ਮੈਂਬਰ ,ਸਰਦਾਰ ਕਾਬਲ ਸਿੰਘ ਵਿਰਕ ਹਿੰਮਤਪੁਰਾ ਸਾਬਕਾ ਮੈਂਬਰ ,ਬੀਬੀ ਬਲਜਿੰਦਰ ਕੌਰ ਚੀਕਾ ਸਾਬਕਾ ਮੈਂਬਰ ,ਸਰਦਾਰ ਸਰਬਜੀਤ ਸਿੰਘ ਜੰਮੂ ਸਕੱਤਰ ,ਪ੍ਰਧਾਨ ਜਸਵੰਤ ਸਿੰਘ ਗੁਰੂਘਰ ਮਸਤਗੜ੍ਹ ,ਸਰਦਾਰ ਗੁਰਲਾਲ ਸਿੰਘ ਵਿਰਕ ਰੱਤਕ ,ਸਰਦਾਰ ਨਿਰਵੈਰ ਸਿੰਘ ਵਿਰਕ ਰੱਤਕ ,ਜਥੇਦਾਰ ਸੂਰਤ ਸਿੰਘ ਸ਼ਾਹੀ ਰੱਤਕ ,ਨੰਬਰਦਾਰ ਸ਼ੇਰ ਸਿੰਘ ਗੁਰਾਇਆ ਚੱਕੂ ਲਦਾਨਾ ਵੀ ਇਸ ਸਮੇਂ ਹਾਜ਼ਰ ਸਨ ਜਥੇਦਾਰ ਦਾਦੂਵਾਲ ਜੀ ਅਤੇ ਨਾਲ ਪੁੱਜੇ ਹਰਿਆਣਾ ਕਮੇਟੀ ਦੇ ਅਹੁਦੇਦਾਰ ਮੈਂਬਰ ਸਹਿਬਾਨਾਂ ਨੇ ਸਰਦਾਰ ਅਰੂੜ ਸਿੰਘ ਵੜੈਚ ਦੇ ਸਪੁੱਤਰ ਮਾਲਿਕ ਸਿੰਘ ਵੜੈਚ ਅਤੇ ਤਰਸੇਮ ਸਿੰਘ ਵੜੈਚ ਨੂੰ ਜਿੰਮੇਵਾਰੀ ਦੀ ਦਸਤਾਰ ਭੇਂਟ ਕੀਤੀ ਗੁਰਦੁਆਰਾ ਪ੍ਰਬੰਧ ਅਤੇ ਪਰਿਵਾਰ ਵਲੋਂ ਜਥੇਦਾਰ ਦਾਦੂਵਾਲ ਜੀ ਅਤੇ ਕਿਸਾਨ ਆਗੂ ਸ੍ਰੀ ਰਕੇਸ਼ ਟਿਕੈਤ ਨੂੰ ਸਿਰਪਾਉ ਭੇਂਟ ਕਰਕੇ ਸਨਮਾਨਿਤ ਕੀਤਾ।







(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ

# ਸਰਦਾਰ ਅਰੂੜ ਸਿੰਘ ਵੜੈਚ ਮਸਤਗੜ੍ਹ ਨੂੰ ਭੇਂਟ ਕੀਤੀ ਸ਼ਰਧਾਂਜਲੀ

## ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਅਤੇ ਕਿਸਾਨ ਆਗੂ ਸ੍ਰੀ ਰਕੇਸ਼ ਟਿਕੈਤ ਸਮੇਤ ਧਾਰਮਿਕ ਤੇ ਸਿਆਸੀ ਆਗੂਆਂ ਨੇ ਕੀਤੀਆਂ ਸ਼ਰਧਾਂਜਲੀਆਂ ਭੇਂਟ















ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ

# ਹਾਜ਼ਰੀ ਭਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ






ਗੁਰਦੁਆਰਾ ਬੰਗਲਾ ਸਾਹਿਬ ਦਿੱਲੀ ਵਿਖੇ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ ਅੱਜ ਹਾਜ਼ਰੀ ਭਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਵਿਖੇ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ

# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਹਾਜ਼ਰੀ ਭਰੀ











ਗੁਰਦੁਆਰਾ ਸੀਸ ਗੰਜ ਸਾਹਿਬ ਦਿੱਲੀ ਵਿਖੇ ਲੜੀਵਾਰ ਗੁਰਬਾਣੀ ਕਥਾ ਵਿਆਖਿਆ ਦੀ ਅੱਜ 5 ਅਪ੍ਰੈਲ 2026 ਨੂੰ ਹਾਜ਼ਰੀ ਭਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243